ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 8 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੩ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਗੋਆ ਦੇ ਨਾਈਟ ਕਲੱਬ 'ਚ ਭਿਆਨਕ ਅੱਗ ਲੱਗਣ ਕਾਰਨ

# 25 ਲੋਕਾਂ ਦੀ ਦਰਦਨਾਕ ਮੌਤ, ਜਾਂਚ ਦੇ ਹੁਕਮ

**ਨਵੀਂ ਦਿੱਲੀ, 7 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਗੋਆ ਦੇ ਅਰਪੋਰਾ ਵਿੱਚ ਸਥਿਤ ਬਿਰਚ ਬਾਏ ਰੋਮੀਓ ਲੇਨ ਕਲੱਬ ਵਿੱਚ ਬੀਤੀ ਦੇਰ ਰਾਤ ਲੱਗੀ ਭਿਆਨਕ ਅੱਗ ਵਿੱਚ ਘੱਟੋ-ਘੱਟ 25 ਲੋਕਾਂ ਦੀ ਮੌਤ ਹੋ ਗਈ ਹੈ। ਮ੍ਰਿਤਕਾਂ ਵਿੱਚ ਤਿੰਨ ਔਰਤਾਂ ਅਤੇ 20 ਪੁਰਸ਼ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਕਲੱਬ ਦੇ ਕਰਮਚਾਰੀ ਦੱਸੇ ਜਾ ਰਹੇ ਹਨ। ਇਹ ਦੁਖਦਾਈ ਘਟਨਾ ਸ਼ਨੀਵਾਰ ਦੁਪਹਿਰ 12:04 ਵਜੇ ਦੇ ਕਰੀਬ ਵਾਪਰੀ। ਪੁਲਿਸ ਅਧਿਕਾਰੀਆਂ ਦੇ ਅਨੁਸਾਰ, ਅੱਗ ਲੱਗਣ ਦਾ ਸੰਭਾਵਿਤ ਕਾਰਨ ਸਿਲੰਡਰ ਫਟਣਾ ਹੋ ਸਕਦਾ ਹੈ। ਭਾਜਪਾ ਵਿਧਾਇਕ ਮਾਈਕਲ ਲੋਬੋ ਨੇ ਕਿਹਾ ਕਿ ਜ਼ਿਆਦਾਤਰ ਲੋਕਾਂ ਦੀ ਮੌਤ ਦਮ ਘੁੱਟਣ ਨਾਲ ਹੋਈ ਜਦੋਂ ਉਹ ਘਬਰਾਹਟ ਵਿੱਚ ਬੇਸਮੈਂਟ ਵੱਲ ਭੱਜ ਗਏ ਸੀ। ਲੋਬੋ ਨੇ ਪੁਸ਼ਟੀ ਕੀਤੀ ਕਿ ਪੀੜਤਾਂ ਵਿੱਚੋਂ ਕੁਝ ਸੈਲਾਨੀ ਸਨ, ਜਦੋਂ ਕਿ ਜ਼ਿਆਦਾਤਰ ਸਥਾਨਕ ਲੋਕ ਰੈਸਟੋਰੈਂਟ ਦੇ ਬੇਸਮੈਂਟ ਵਿੱਚ ਕੰਮ ਕਰ ਰਹੇ ਸਨ। ਗੋਆ ਦੇ ਮੁੱਖ ਮੰਤਰੀ ਪ੍ਰਮੋਦ



ਸਾਵੰਤ ਨੇ ਘਟਨਾ ਸਥਾਨ ਦਾ ਦੌਰਾ ਕੀਤਾ। ਮੁੱਖ ਮੰਤਰੀ ਪ੍ਰਮੋਦ ਸਾਵੰਤ ਨੇ ਖੁਲਾਸਾ ਕੀਤਾ ਕਿ ਕਲੱਬ ਨੇ ਅੱਗ ਸੁਰੱਖਿਆ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਸੀ। ਘਟਨਾ ਨੂੰ ਬਹੁਤ ਹੀ ਪਰੇਸ਼ਾਨ ਕਰਨ ਵਾਲਾ ਦੱਸਦੇ ਹੋਏ, ਮੁੱਖ ਮੰਤਰੀ ਸਾਵੰਤ ਨੇ ਵਿਸਤ੍ਰਿਤ ਜਾਂਚ ਦੇ ਆਦੇਸ਼ ਦਿੱਤੇ ਅਤੇ ਸੁਰੱਖਿਆ ਖਾਮੀਆਂ ਦੇ ਬਾਵਜੂਦ ਇਸਨੂੰ ਚਲਾਉਣ ਦੀ ਇਜਾਜ਼ਤ ਦੇਣ ਵਾਲੇ ਕਲੱਬ ਪ੍ਰਬੰਧਨ ਅਤੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।

**ਪ੍ਰਧਾਨ ਮੰਤਰੀ ਮੋਦੀ ਨੇ ਅੱਗ ਦੀ ਘਟਨਾ 'ਤੇ ਪ੍ਰਗਟਾਇਆ ਦੁੱਖ, ਮ੍ਰਿਤਕਾਂ ਦੇ ਪਰਿਵਾਰ ਲਈ ਕੀਤਾ ਮੁਆਵਜ਼ੇ ਦਾ ਐਲਾਨ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਗੋਆ ਦੇ ਅਰਪੋਰਾ ਵਿੱਚ ਹੋਏ ਦੁਖਦਾਈ ਹਾਦਸੇ ਦੇ ਪੀੜਤਾਂ ਲਈ ਮੁਆਵਜ਼ੇ ਦਾ ਐਲਾਨ ਕੀਤਾ ਹੈ। ਪ੍ਰਧਾਨ ਮੰਤਰੀ ਦਫ਼ਤਰ ਦੁਆਰਾ ਦਿੱਤੀ ਗਈ ਜਾਣਕਾਰੀ ਦੇ ਅਨੁਸਾਰ ਹਾਦਸੇ ਵਿੱਚ ਮਰਨ ਵਾਲਿਆਂ ਦੇ ਪਰਿਵਾਰਾਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡਤੋਂ 2 ਲੱਖ ਰੁਪਏ ਮਿਲਣਗੇ। ਹਾਦਸੇ ਵਿੱਚ ਜ਼ਖਮੀ ਹੋਏ ਲੋਕਾਂ ਨੂੰ 50,000 ਰੁਪਏ ਮਿਲਣਗੇ। ਕੇਂਦਰ ਸਰਕਾਰ ਨੇ ਕਿਹਾ ਕਿ ਉਹ ਇਸ ਦੁੱਖ ਦੀ ਘੜੀ ਵਿੱਚ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ।




## ਪਟਿਆਲਾ ਐਸ. ਐਸ. ਪੀ. ਕਥਿਤ ਆਡੀਓ ਕਲਿੱਪ ਮਾਮਲਾ; ਐਸ.ਆਈ. ਟੀ. ਅੱਗੇ ਬਤੌਰ ਸ਼ਿਕਾਇਤਕਰਤਾ ਪੇਸ਼ ਹੋਏ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ

**ਚੰਡੀਗੜ੍ਹ, 7 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਦੇ ਐਸਐਸਪੀ ਕਥਿਤ ਆਡੀਓ ਕਲਿੱਪ ਮਾਮਲੇ 'ਚ ਐਸਆਈਟੀ ਅੱਗੇ ਬਤੌਰ ਸ਼ਿਕਾਇਤਕਰਤਾ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਪੇਸ਼ ਹੋਏ। ਇਸ ਦੌਰਾਨ ਉਨ੍ਹਾਂ ਕੋਲੋਂ ਏਡੀਜੀਪੀ ਪਰਮਾਰ ਦੀ ਅਗਵਾਈ ਵਾਲੀ ਐਸਆਈਟੀ ਨੇ ਸਵਾਲ ਪੁੱਛੇ ਹਨ। ਪੇਸ਼ ਹੋਣ ਮਗਰੋਂ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਨੇ ਦੱਸਿਆ ਕਿ ਉਨ੍ਹਾਂ ਨੇ ਐਸਆਈਟੀ ਮੁਖੀ ਐਸਪੀਐਸ ਪਰਮਾਨ ਨੂੰ ਪਟੀਸ਼ਨ ਦੀ ਕਾਪੀ ਅਤੇ ਵੀਡੀਓ ਸੌਂਪੀ ਹੈ। ਇਸ ਤੋਂ ਇਲਾਵਾ ਉਹ ਆਪਣੀ ਸ਼ਿਕਾਇਤ 'ਤੇ ਸਟੈਂਡ ਹਨ। ਉਨ੍ਹਾਂ ਨੇ ਅੱਗੇ ਕਿਹਾ ਕਿ ਜਿਸ ਸਮੇਂ ਇਹ ਮਾਮਲਾ ਸਾਹਮਣੇ ਆਇਆ ਉਸ ਸਮੇਂ ਐਸਐਸਪੀ ਪਟਿਆਲਾ ਨੂੰ ਤੁਰੰਤ ਸਸਪੈਂਡ ਕਰ ਦੇਣਾ ਚਾਹੀਦਾ ਸੀ। ਪਰ ਸਰਕਾਰ ਉਸ ਦੇ ਨਾਲ ਖੜੀ ਦਿਖਾਈ ਦੇ ਰਹੀ ਹੈ। ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਨੇ ਸਟੇਟ ਇਲੈਕਸ਼ਨ ਕਮਿਸ਼ਨ 'ਤੇ ਵੀ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲਹ ਹੈ ਕਿ ਸਟੇਟ ਇਲੈਕਸ਼ਨ ਕਮਿਸ਼ਨ ਵੱਲੋਂ ਵੀ ਐਸਐਸਪੀ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਤੋਂ ਇਲਾਵਾ ਉਨ੍ਹਾਂ ਨੇ ਇਹ ਵੀ ਕਿਹਾ ਕਿ ਵਿਰੋਧੀਆਂ ਨੂੰ ਇਸ ਵਿੱਚ ਫਸਾਉਣ ਦੀ ਐਸਆਈਟੀ ਦੀ ਮਨਸ਼ਾ ਲੱਗ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਇਹ ਵੀ ਕਿਹਾ ਕਿ ਹਾਈਕੋਰਟ ਦੇ ਵਿੱਚ ਕੱਲ ਡੀਆਈਜੀ ਪਟਿਆਲਾ ਲਿਖ ਕੇ ਦੇਣ ਕਿ ਇਹ ਵੀਡੀਓ ਏਆਈ ਅਤੇ ਕਿਸੇ ਤੋਂ ਵੀ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ।

## ਇੰਡੀਗੋ ਨੇ ਯਾਤਰੀਆਂ ਨੂੰ ਰਿਫੰਡ ਕੀਤੇ 610 ਕਰੋੜ ਰੁਪਏ, 3000 ਤੋਂ ਵੱਧ ਬੈਗ ਵੀ ਸੌਂਪੇ

**ਨਵੀਂ ਦਿੱਲੀ, 7 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਇੰਡੀਗੋ 'ਚ ਸੰਚਾਲਨ ਸੰਕਟ ਦਾ ਲਗਾਤਾਰ 6ਵਾਂ ਦਿਨ ਹੈ। ਦੇਸ਼ ਦੀ ਸਭ ਤੋਂ ਵੱਡੀ ਏਅਰਲਾਈਨ, ਇੰਡੀਗੋ ਨੇ ਅੱਜ, ਯਾਨੀ ਐਤਵਾਰ ਨੂੰ 650 ਉਡਾਣਾਂ ਰੱਦ ਕਰ ਦਿੱਤੀਆਂ ਹਨ। ਹਾਲਾਂਕਿ, ਕੰਪਨੀ ਅੱਜ ਹੋਣ ਤੈਅ 2300 ਘਰੇਲੂ ਅਤੇ ਅੰਤਰਰਾਸ਼ਟਰੀ ਉਡਾਣਾਂ ਵਿੱਚੋਂ 1650 ਉਡਾਣਾਂ ਚਲਾ ਰਹੀ ਹੈ। ਇਸ ਦੌਰਾਨ, ਐਤਵਾਰ ਨੂੰ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਕਿ ਇੰਡੀਗੋ ਯਾਤਰੀਆਂ ਨੂੰ ਹੁਣ ਤੱਕ ਕੁੱਲ 610 ਕਰੋੜ ਰੁਪਏ ਦਾ ਰਿਫੰਡ ਜਾਰੀ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਇੰਡੀਗੋ ਨੇ ਦੇਸ਼ ਭਰ ਦੇ ਯਾਤਰੀਆਂ ਨੂੰ 3000 ਤੋਂ ਵੱਧ ਬੈਗ ਵੀ ਸੌਂਪੇ ਹਨ। ਇੰਡੀਗੋ ਦੇ ਸੀਈਓ ਪੀਟਰ




ਐਲਬਰਸ ਨੇ ਐਤਵਾਰ ਨੂੰ ਕਿਹਾ ਕਿ ਏਅਰਲਾਈਨ ਐਤਵਾਰ ਨੂੰ ਲਗਭਗ 1,650 ਉਡਾਣਾਂ ਚਲਾ ਰਹੀ ਸੀ ਅਤੇ ਅਸੀਂ ਹੌਲੀ-ਹੌਲੀ ਆਮ ਵਾਂਗ ਵਾਪਸ ਆ ਰਹੇ ਹਾਂ। ਉਨ੍ਹਾਂ ਕਿਹਾ ਕਿ ਇੰਡੀਗੋ ਨੇ ਅੱਜ ਆਪਣੇ ਸਿਸਟਮ ਵਿੱਚ ਹੋਰ ਸੁਧਾਰ ਕੀਤੇ ਹਨ। ਸੀਈਓ ਨੇ ਕਿਹਾ, "ਅਸੀਂ ਹੁਣ ਪਹਿਲੇ ਪੜਾਅ ਵਿੱਚ ਹੀ ਉਡਾਣਾਂ ਰੱਦ ਕਰ ਰਹੇ ਹਾਂ, ਤਾਂ ਜੋ ਜਿਨ੍ਹਾਂ ਯਾਤਰੀਆਂ ਦੀਆਂ ਉਡਾਣਾਂ ਰੱਦ ਕੀਤੀਆਂ ਜਾ ਰਹੀਆਂ ਹਨ ਉਹ ਹਵਾਈ ਅੱਡੇ 'ਤੇ ਨਾ ਪਹੁੰਚ ਸਕਣ।" ਤੁਹਾਨੂੰ ਦੱਸ ਦੇਈਏ ਕਿ ਸ਼ਨੀਵਾਰ ਨੂੰ ਇੰਡੀਗੋ ਦੀਆਂ 800 ਤੋਂ ਵੱਧ ਉਡਾਣਾਂ ਰੱਦ ਕੀਤੀਆਂ ਗਈਆਂ ਸਨ, ਜਦੋਂ ਕਿ ਸ਼ੁੱਕਰਵਾਰ ਨੂੰ ਕੰਪਨੀ ਨੇ 1,000 ਤੋਂ ਵੱਧ ਉਡਾਣਾਂ ਰੱਦ ਕਰ ਦਿੱਤੀਆਂ ਸਨ।ਦੇਸ਼ ਦੀ ਸਭ ਤੋਂ ਵੱਡੀ ਏਅਰਲਾਈਨ ਇੰਡੀਗੋ ਨੇ ਆਪਣੇ ਹੁਣ ਤੱਕ ਦੇ ਸਭ ਤੋਂ ਵੱਡੇ ਸੰਚਾਲਨ ਸੰਕਟ ਕਾਰਨ ਹਜ਼ਾਰਾਂ ਉਡਾਣਾਂ ਰੱਦ ਕਰ ਦਿੱਤੀਆਂ। ਨਵੇਂ ਨਿਯਮਾਂ ਅਧੀਨ ਪਾਇਲਟ ਡਿਊਟੀ ਘੰਟਿਆਂ ਵਿੱਚ ਬਦਲਾਅ ਅਤੇ ਇੰਡੀਗੋ ਦੇ "ਲੀਨ-ਸਟਾਫਿੰਗ" ਮਾਡਲ ਨੇ ਮਿਲ ਕੇ ਇਸ ਵਿਨਾਸ਼ਕਾਰੀ ਸੰਕਟ ਦਾ ਕਾਰਨ ਬਣਾਇਆ।

## ਅੰਮ੍ਰਿਤਸਰ ਦੇ ਥਾਣੇ 'ਚ ਨੌਜਵਾਨ ਦੀ ਮੌਤ, ਰੋਂਦੀ ਮਾਂ ਬੋਲੀ- 'ਮੇਰਾ ਪੁੱਤ ਕੁੱਟ-ਕੁੱਟ ਮਾਰਿਆ', ਹਾਈਵੇਅ ਕੀਤਾ ਜਾਮ



**ਅੰਮ੍ਰਿਤਸਰ, 7 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਇਕ ਪੁਲਸ ਥਾਣੇ 'ਚ ਨੌਜਵਾਨ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਪੁਲਸ ਨੌਜਵਾਨ ਨੂੰ ਰਾਤ ਵੇਲੇ ਉਸਦੇ ਘਰੋਂ ਚੁੱਕ ਕੇ ਲੈ ਗਈ ਸੀ, ਪਰ ਪਰਿਵਾਰ ਨੂੰ ਇਸ ਦਾ ਕੋਈ ਕਾਰਨ ਨਹੀਂ ਦੱਸਿਆ ਗਿਆ। ਮ੍ਰਿਤਕ ਨੌਜਵਾਨ ਦੀ ਪਛਾਣ 24 ਸਾਲਾ ਹਰਮਨ ਸਿੰਘ ਵਜੋਂ ਹੋਈ ਹੈ, ਜੋ ਅੰਮ੍ਰਿਤਸਰ ਦੇ ਜੰਡਿਆਲਾ ਦੇ ਪਿੰਡ ਕਿਲਾ ਦਾ ਰਹਿਣ ਵਾਲਾ ਸੀ। ਹਰਮਨ ਦੀ ਮਾਂ ਬਲਵਿੰਦਰ ਕੌਰ ਨੇ ਦੱਸਿਆ ਕਿ ਪੁਲਸ ਵਾਲੇ ਉਸਦੇ ਬੇਟੇ ਨੂੰ ਰਾਤ ਨੂੰ ਚੁੱਕ ਕੇ ਲੈ ਗਏ ਸਨ, ਕਿਉਂਕਿ ਪਿੰਡ ਵਿੱਚ ਕੋਈ ਲੜਾਈ-ਝਗੜਾ ਹੋਇਆ ਸੀ, ਪਰ ਉਸ ਨੇ ਪੁੱਤ ਨੂੰ ਪੁਲਸ ਲੈ ਗਈ ਹਾਲਾਂਕਿ ਹਰਮਨ ਕੋਲੋਂ ਕੋਈ ਗਲਤ ਚੀਜ਼ ਨਹੀਂ ਮਿਲੀ ਸੀ। ਮਾਂ ਨੇ ਦੱਸਿਆ ਕਿ ਰਾਤ ਕਰੀਬ 10 ਵਜੇ ਜਦੋਂ ਉਸਦੇ ਚਾਚੇ-ਤਾਏ ਥਾਣੇ ਆਏ ਸਨ, ਤਾਂ ਉਹ ਬਿਲਕੁਲ ਠੀਕ ਸੀ। ਸਵੇਰੇ ਜਦੋਂ ਪਰਿਵਾਰ ਦੇ ਲੋਕ 6 ਵਜੇ ਨੌਜਵਾਨ ਲਈ ਚਾਹ-ਰੋਟੀ ਲੈ ਕੇ ਥਾਣੇ ਪਹੁੰਚੇ, ਤਾਂ ਪੁਲਸ ਨੇ ਉਨ੍ਹਾਂ ਨੂੰ ਦੱਸਿਆ ਕਿ ਉਸ ਨੂੰ ਬੁਖਾਰ ਹੈ ਅਤੇ ਉਸਨੂੰ ਦਵਾਈ ਦਿਵਾਉਣ ਲਈ ਲੈ ਗਏ ਹਨ। ਪਰ ਥੋੜ੍ਹੀ ਦੇਰ ਬਾਅਦ ਪਰਿਵਾਰ ਨੂੰ ਨੌਜਵਾਨ ਦੀ ਮੌਤ ਬਾਰੇ ਦੱਸਿਆ ਗਿਆ। ਮਾਂ ਬਲਵਿੰਦਰ ਕੌਰ ਨੇ ਰੋਂਦਿਆਂ ਹੋਇਆਂ ਦੋਸ਼ ਲਾਇਆ, "ਮੇਰੇ ਬੱਚੇ ਨੂੰ ਪੁਲਸ ਵਾਲਿਆਂ ਨੇ ਕੁੱਟ-ਕੁੱਟ ਮਾਰਿਆ÷। ਉਨ੍ਹਾਂ ਨੇ ਇਹ ਵੀ ਕਿਹਾ ਕਿ ਉਸਦਾ ਬੇਟਾ ਕੋਈ ਨਸ਼ਾ ਵੀ ਨਹੀਂ ਕਰਦਾ ਸੀ। ਨੌਜਵਾਨ ਦੀ ਮੌਤ ਦੀ ਖ਼ਬਰ ਸੁਣਦੇ ਹੀ ਪਿੰਡ ਵਾਲੇ ਥਾਣੇ ਦੇ ਬਾਹਰ ਇਕੱਠੇ ਹੋ ਗਏ ਅਤੇ ਹਾਈਵੇਅ ਜਾਮ ਕਰ ਪੁਲਿਸ ਖ਼ਿਲਾਫ਼ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਨੌਜਵਾਨ ਦੀ ਮੌਤ ਥਾਣੇ ਵਿੱਚ ਕੁੱਟਮਾਰ ਕਾਰਨ ਹੋਈ ਹੈ ਅਤੇ ਉਨ੍ਹਾਂ ਨੇ ਮੌਤ ਦੇ ਕਾਰਨਾਂ ਦੀ ਜਾਂਚ ਕਰਨ ਅਤੇ ਜਾਣਕਾਰੀ ਦੇਣ ਦੀ ਮੰਗ ਕੀਤੀ। ਪ੍ਰਦਰਸ਼ਨ ਨੂੰ ਦੇਖਦੇ ਹੋਏ ਥਾਣੇ ਦੇ ਬਾਹਰ ਵਾਧੂ ਪੁਲਸ ਫੋਰਸ ਤਾਇਨਾਤ ਕਰ ਦਿੱਤੀ ਗਈ ਹੈ। ਇਸ ਮਾਮਲੇ ਵਿੱਚ, ਜੰਡਿਆਲਾ ਦੇ ਡੀਐਸਪੀ ਰਵਿੰਦਰ ਸਿੰਘ ਨੇ ਕਿਹਾ ਕਿ ਨੌਜਵਾਨ ਨੂੰ ਨਸ਼ੇ ਦੇ ਮਾਮਲੇ ਵਿੱਚ ਚੁੱਕਿਆ ਗਿਆ ਸੀ। ਉਨ੍ਹਾਂ ਕਿਹਾ ਕਿ ਮੌਤ ਕਿਵੇਂ ਹੋਈ, ਇਸ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਨੌਜਵਾਨ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ, ਜਿਸ ਤੋਂ ਬਾਅਦ ਹੀ ਮੌਤ ਦੇ ਅਸਲ ਕਾਰਨ ਦਾ ਪਤਾ ਲੱਗੇਗਾ। ਡੀਐਸਪੀ ਨੇ ਕਿਹਾ ਕਿ ਪੂਰੀ ਜਾਂਚ ਹੋਣ ਤੋਂ ਬਾਅਦ ਹੀ ਇਸ ਮਾਮਲੇ 'ਤੇ ਕੁਝ ਕਿਹਾ ਜਾ ਸਕਦਾ ਹੈ। ਥਾਣੇ ਦੀ ਪੁਲਸ ਇਸ ਬਾਰੇ ਕੁਝ ਕਹਿਣ ਤੋਂ ਬਚ ਰਹੀ ਹੈ।

## 'ਆਪ' ਵਿਧਾਇਕ ਦੇ ਕਿਸਨੇ ਮਾਰੀ ਸ਼ਰੇਆਮ ਜੁੱਤੀ ? ਸਟੇਜ 'ਤੇ ਭਾਸ਼ਣ ਦਿੰਦੇ ਸਮੇਂ ਮੱਚੀ ਹਫੜਾ-ਦਫੜੀ; ਵੀਡੀਓ ਵਾਇਰਲ...

**ਜਾਮਨਗਰ, 7 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸੋਸ਼ਲ ਮੀਡੀਆ ਉੱਪਰ ਇੱਕ ਹੈਰਾਨ ਕਰਨ ਵਾਲਾ ਵੀਡੀਓ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ, ਜਿਸ ਨੇ ਇੰਟਰਨੈੱਟ ਉੱਪਰ ਹਲਚਲ ਮਚਾ ਦਿੱਤੀ ਹੈ। ਦੱਸ ਦੇਈਏ ਕਿ ਗੁਜਰਾਤ ਦੇ ਜਾਮਨਗਰ ਵਿੱਚ ਸ਼ੁੱਕਰਵਾਰ ਨੂੰ ਇੱਕ ਘਟਨਾ ਵਾਪਰੀ ਜਿਸਨੇ ਰਾਜਨੀਤਿਕ ਹਲਕਿਆਂ ਅਤੇ ਸੋਸ਼ਲ ਮੀਡੀਆ ਦੋਵਾਂ ਵਿੱਚ ਹਲਚਲ ਮਚਾ ਦਿੱਤੀ। 'ਆਪ' ਵਿਧਾਇਕ ਗੋਪਾਲ ਇਟਾਲੀਆ ਇੱਕ ਟਾਊਨ ਹਾਲ ਵਿੱਚ ਸਟੇਜ 'ਤੇ ਭਾਸ਼ਣ ਦੇ ਰਹੇ ਸਨ ਕਿ ਅਚਾਨਕ ਇੱਕ ਨੌਜਵਾਨ ਨੇ ਉਨ੍ਹਾਂ 'ਤੇ ਚੱਪਲ ਸੁੱਟ ਦਿੱਤੀ। ਕੁਝ ਸਕਿੰਟਾਂ ਵਿੱਚ ਹੀ ਸਥਿਤੀ ਵਿਗੜ ਗਈ ਅਤੇ ਭੀੜ ਵਿੱਚ ਹਫੜਾ-ਦਫੜੀ ਮੱਚ ਗਈ। ਚੱਪਲ ਸੁੱਟਣ ਦੀ ਅਚਾਨਕ ਘਟਨਾ ਇੰਨੀ ਸੀ



ਕਿ ਸੁਰੱਖਿਆ ਕਰਮਚਾਰੀ ਵਿਵਸਥਾ ਬਹਾਲ ਕਰਨ ਲਈ ਸਟੇਜ 'ਤੇ ਪਹੁੰਚ ਗਏ। ਘਟਨਾ ਤੋਂ ਬਾਅਦ, ਜਾਮਨਗਰ ਪੁਲਿਸ ਪਹੁੰਚੀ ਅਤੇ ਭੀੜ ਨੂੰ ਸ਼ਾਂਤ ਕੀਤਾ। ਸਥਿਤੀ ਫਿਲਹਾਲ ਕਾਬੂ ਹੇਠ ਹੈ। ਹਾਲਾਂਕਿ, ਇਸ ਘਟਨਾ ਨੇ ਰਾਜ ਦੀ ਰਾਜਨੀਤੀ ਵਿੱਚ ਇੱਕ ਨਵੀਂ ਬਹਿਸ ਛੇੜ ਦਿੱਤੀ ਹੈ।

**ਚੱਪਲ ਸੁੱਟਣ ਦੀ ਘਟਨਾ ਕਿਵੇਂ ਵਾਪਰੀ ?**

ਗੋਪਾਲ ਇਟਾਲੀਆ ਟਾਊਨ ਹਾਲ ਵਿਖੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਦੇ ਭਾਸ਼ਣ ਦੌਰਾਨ, ਇੱਕ ਵਿਅਕਤੀ ਅਚਾਨਕ ਅੱਗੇ ਵਧਿਆ ਅਤੇ ਉਨ੍ਹਾਂ ਨੂੰ ਚੱਪਲ ਮਾਰੀ। ਚੱਪਲ ਸਟੇਜ ਦੇ ਨੇੜੇ ਡਿੱਗ ਪਈ, ਜਿਸ ਨਾਲ ਭੀੜ ਗੁੱਸੇ ਵਿੱਚ ਆ ਗਈ। ਘਟਨਾ ਤਣਾਅਪੂਰਨ ਸੀ, ਪਰ ਪੁਲਿਸ ਨੇ ਮਿੰਟਾਂ ਵਿੱਚ ਸਥਿਤੀ ਨੂੰ ਕਾਬੂ ਵਿੱਚ ਕਰ ਲਿਆ।

**ਚੱਪਲ ਸੁੱਟਣ ਵਾਲਾ ਨੌਜਵਾਨ ਕੌਣ ਸੀ ?**

ਸਥਾਨਕ ਰਿਪੋਰਟਾਂ ਅਨੁਸਾਰ, ਚੱਪਲ ਸੁੱਟਣ ਵਾਲੇ ਨੌਜਵਾਨ ਦਾ ਨਾਮ ਛਤਰਪਾਲ ਸਿੰਘ ਜਡੇਜਾ ਹੈ, ਜੋ ਕਥਿਤ ਤੌਰ 'ਤੇ ਕਾਂਗਰਸ ਪਾਰਟੀ ਨਾਲ ਜੁੜਿਆ ਹੋਇਆ ਹੈ। ਚੱਪਲ ਸੁੱਟਣ ਤੋਂ ਤੁਰੰਤ ਬਾਅਦ, ਭੀੜ ਨੇ ਉਸਨੂੰ ਫੜ ਲਿਆ ਅਤੇ ਕੁੱਟਣਾ ਸ਼ੁਰੂ ਕਰ ਦਿੱਤਾ। ਬਾਅਦ ਵਿੱਚ ਪੁਲਿਸ ਨੇ ਉਸਨੂੰ ਬਚਾਇਆ ਅਤੇ ਤੁਰੰਤ ਜੀਜੀ ਹਸਪਤਾਲ ਵਿੱਚ ਦਾਖਲ ਕਰਵਾਇਆ। ਉਸਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ।

**ਪੁਰਾਣੀ ਘਟਨਾ ਨੂੰ ਲੈ ਛਿੜੀ ਚਰਚਾ :** ਘਟਨਾ ਤੋਂ ਬਾਅਦ, ਗੁਜਰਾਤ ਦੀ ਰਾਜਨੀਤੀ ਵਿੱਚ ਇੱਕ ਪੁਰਾਣੀ ਘਟਨਾ ਨੂੰ ਵੀ ਯਾਦ ਕੀਤਾ ਗਿਆ। 2017 ਵਿੱਚ, ਗੋਪਾਲ ਇਟਾਲੀਆ ਨੇ ਖੁਦ ਤਤਕਾਲੀ ਗ੍ਰਹਿ ਮੰਤਰੀ ਪ੍ਰਦੀਪ ਸਿੰਘ ਜਡੇਜਾ 'ਤੇ ਜੁੱਤੀ ਸੁੱਟਣ ਦੀ ਕੋਸ਼ਿਸ਼ ਕੀਤੀ ਸੀ। ਅੱਜ, ਉਸ ਨਾਲ ਕੀਤਾ ਗਿਆ ਸਲੂਕ ਚਰਚਾ ਦਾ ਵਿਸ਼ਾ ਬਣ ਗਿਆ ਹੈ। ਇਸ ਘਟਨਾ ਤੋਂ ਉੱਠਿਆ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਨੌਜਵਾਨ ਨੇ ਇਸ ਤਰ੍ਹਾਂ ਕਿਉਂ ਕੀਤਾ। ਕੀ ਇਹ ਰਾਜਨੀਤਿਕ ਰੰਜਿਸ਼ ਸੀ ? ਜਾਂ ਕੋਈ ਨਿੱਜੀ ਮਾਮਲਾ ? ਜਾਂ ਮੀਟਿੰਗ ਵਿੱਚ ਦਾਖਲ ਹੋਣ ਲਈ ਸੁਰੱਖਿਆ ਉਲੰਘਣਾ ਸੀ ? ਪੁਲਿਸ ਇਨ੍ਹਾਂ ਸਾਰੇ ਪਹਿਲੂਆਂ ਦੀ ਜਾਂਚ ਕਰ ਰਹੀ ਹੈ। ਅਧਿਕਾਰੀ ਪੂਰਾ ਕਾਰਨ ਸਪੱਸ਼ਟ ਕਰਨ ਲਈ ਨੌਜਵਾਨ ਦੇ ਬਿਆਨ ਦੀ ਉਡੀਕ ਕਰ ਰਹੇ ਹਨ।

## ਅਮਰੀਕਾ ਦਾ ਭਾਰਤੀਆਂ ਨੂੰ ਵੱਡਾ ਝਟਕਾ ! 3155 ਨਾਗਰਿਕ ਡਿਪੋਰਟ

**ਵਾਸ਼ਿੰਗਟਨ/ਦਿੱਲੀ, 7 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਨੇ ਇਸ ਸਾਲ 3155 ਭਾਰਤੀ ਨਾਗਰਿਕਾਂ ਨੂੰ ਡਿਪੋਰਟ ਕੀਤਾ ਹੈ। ਇਹ ਅੰਕੜਾ ਪਿਛਲੇ ਸਾਲਾਂ ਨਾਲੋਂ ਕਈ ਗੁਣਾ ਵੱਧ ਹੈ। ਇਸ ਤੋਂ ਪਹਿਲਾਂ 2024 ਵਿੱਚ 1368 ਤੇ 2023 ਵਿੱਚ ਸਿਰਫ਼ 617 ਭਾਰਤੀਆਂ ਨੂੰ ਡਿਪੋਰਟ ਕੀਤਾ ਗਿਆ ਸੀ। ਇਹ ਦਾਅਵਾ ਭਾਰਤ ਸਰਕਾਰ ਨੇ ਕੀਤਾ ਹੈ। ਕੇਂਦਰ ਸਰਕਾਰ ਨੇ ਸੰਸਦ ਵਿੱਚ ਦੱਸਿਆ ਕਿ 2025 ਵਿੱਚ 21 ਨਵੰਬਰ ਤੱਕ



3155 ਭਾਰਤੀ ਨਾਗਰਿਕਾਂ ਨੂੰ ਅਮਰੀਕਾ ਤੋਂ ਡਿਪੋਰਟ ਕੀਤਾ ਗਿਆ ਹੈ। ਵਿਦੇਸ਼ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਲਿਖਤੀ ਜਵਾਬ ਵਿੱਚ ਦੱਸਿਆ ਕਿ ਡਿਪੋਰਟ ਕਰਨ ਤੋਂ ਪਹਿਲਾਂ ਸਬੰਧਤ ਵਿਅਕਤੀ ਦੀ ਭਾਰਤੀ ਨਾਗਰਿਕਤਾ ਦੀ ਪੂਰੀ ਪੜਤਾਲ ਕੀਤੀ ਜਾਂਦੀ ਹੈ। ਮੰਤਰਾਲੇ ਅਨੁਸਾਰ ਅਮਰੀਕਾ ਆਮ ਤੌਰ 'ਤੇ ਉਨ੍ਹਾਂ ਨੂੰ ਵਾਪਸ ਭੇਜਦਾ ਹੈ ਜੋ ਗ਼ੈਰ-ਕਾਨੂੰਨੀ ਢੰਗ ਨਾਲ ਦਾਖਲ ਹੋਏ ਹੋਣ, ਵੀਜ਼ਾ ਮਿਆਦ ਖ਼ਤਮ ਹੋਣ ਤੋਂ ਬਾਅਦ ਵੀ ਰਹਿ ਰਹੇ ਹੋਣ, ਬਿਨਾਂ ਦਸਤਾਵੇਜ਼ਾਂ ਤੋਂ ਫੜੇ ਜਾਣ ਜਾਂ ਜਿਨ੍ਹਾਂ 'ਤੇ ਕੋਈ ਅਪਰਾਧਿਕ ਕੇਸ ਦਰਜ ਹੋਵੇ। ਅੰਕੜਿਆਂ ਮੁਤਾਬਕ ਡਿਪੋਰਟ ਕੀਤੇ ਗਏ ਭਾਰਤੀਆਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। 2024 ਵਿੱਚ ਇਹ ਅੰਕੜਾ 1368 ਸੀ ਤੇ 2023 ਵਿੱਚ ਸਿਰਫ਼ 617 ਭਾਰਤੀਆਂ ਨੂੰ ਵਾਪਸ ਭੇਜਿਆ ਗਿਆ ਸੀ। ਮੰਤਰੀ ਨੇ ਦੱਸਿਆ ਕਿ ਡੰਕੀ ਰੂਟ ਰਾਹੀਂ ਜਾਣ ਵਾਲਿਆਂ ਦਾ ਵੱਖਰਾ ਰਿਕਾਰਡ ਨਹੀਂ ਰੱਖਿਆ ਜਾਂਦਾ ਕਿਉਂਕਿ ਜ਼ਿਆਦਾਤਰ ਦੇਸ਼ ਅਜਿਹੇ ਵੇਰਵੇ ਸਾਂਝੇ ਨਹੀਂ ਕਰਦੇ। ਇੱਕ ਹੋਰ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਦੱਸਿਆ ਕਿ ਕੁਵੈਤ ਦੀਆਂ ਜੇਲ੍ਹਾਂ ਵਿੱਚ 31 ਅਕਤੂਬਰ 2025 ਤੱਕ 316 ਭਾਰਤੀ ਕੈਦੀ ਬੰਦ ਸਨ। ਇਸ ਤੋਂ ਇਲਾਵਾ ਭਾਰਤੀਆਂ ਨੂੰ ਬਿਹਤਰ ਸੇਵਾਵਾਂ ਦੇਣ ਲਈ ਵਿਦੇਸ਼ ਮੰਤਰਾਲੇ ਨੇ ਵਿੱਤੀ ਵਰ੍ਹੇ 2025 ਦੌਰਾਨ ਇਕੁਆਡੋਰ ਵਿੱਚ ਨਵਾਂ ਮਿਸ਼ਨ ਤੇ ਅਮਰੀਕਾ ਤੇ ਰੂਸ ਵਿੱਚ ਚਾਰ ਨਵੇਂ ਕੌਂਸਲੇਟ ਖੋਲ੍ਹੇ ਹਨ। ਵਿਦੇਸ਼ ਰਾਜ ਮੰਤਰੀ ਨੇ ਸਪੱਸ਼ਟ ਕੀਤਾ ਕਿ ਭਾਰਤ ਦੀ ਵਿਦੇਸ਼ ਨੀਤੀ ਦਾ ਮੁੱਖ ਉਦੇਸ਼ ਦੁਨੀਆ ਭਰ ਵਿੱਚ ਭਾਰਤ ਦੀ ਮੌਜੂਦਗੀ ਵਧਾਉਣਾ ਅਤੇ ਦੋਸਤਾਨਾ ਦੇਸ਼ਾਂ ਨਾਲ ਮਿਲ ਕੇ ਵਿਕਾਸ ਲਈ ਸਾਜ਼ਗਾਰ ਮਾਹੌਲ ਸਿਰਜਣਾ ਹੈ। ਨਵੇਂ ਮਿਸ਼ਨ ਅਤੇ ਕੌਂਸਲੇਟ ਖੋਲ੍ਹਣ ਦਾ ਫੈਸਲਾ ਉਨ੍ਹਾਂ ਦੇਸ਼ਾਂ ਨਾਲ ਰਣਨੀਤਕ ਸਹਿਯੋਗ, ਵਪਾਰਕ ਸੰਭਾਵਨਾਵਾਂ ਅਤੇ ਉੱਥੇ ਵੱਸਦੇ ਭਾਰਤੀ ਭਾਈਚਾਰੇ ਦੀ ਗਿਣਤੀ ਨੂੰ ਧਿਆਨ ਵਿੱਚ ਰੱਖ ਕੇ ਲਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਵਿਦੇਸ਼ਾਂ ਵਿੱਚ ਵਸਦੇ ਭਾਰਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ।

## ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੇ ਨਾਂ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਖੁੱਲ੍ਹਾ ਪੱਤਰ

### ਪੰਥਕ ਹੁਕਮਨਾਮਿਆਂ ਦੀ ਉਲੰਘਣਾ, ਨਾ-ਪੂਰੇ ਕੀਤੇ ਵਾਅਦੇ, ਜਥੇਦਾਰ ਨਿਯੁਕਤੀ ਵਿੱਚ ਇੱਕਪੱਖਤਾ ਅਤੇ ਪ੍ਰਕਾਸ਼ ਸਿੰਘ ਬਾਦਲ ਦੇ ਸਨਮਾਨ ਵਾਪਸੀ ਮਾਮਲੇ 'ਚ SGPC ਵੱਲੋਂ ਹੋ ਰਹੀ ਚੁੱਪੀ ਬਾਰੇ ਸਪਸ਼ਟੀਕਰਨ ਦੀ ਮੰਗ





ਸਵ. ਸ. ਪ੍ਰਕਾਸ਼ ਸਿੰਘ ਬਾਦਲ ਨੂੰ 'ਪੰਥ ਰਤਨ ਫਖ਼ਰ-ਏ-ਕੌਮ' ਐਵਾਰਡ ਦੇਣ ਅਤੇ (ਵਿਚਕਾਰ) ਵਾਪਸ ਲੈਣ ਸਮੇਂ ਦੀਆਂ ਤਸਵੀਰਾਂ (ਸੱਜੇ) ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ।



ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਪਰਮਜੀਤ ਸਿੰਘ ਢਾਡੀ



ਪ੍ਰਧਾਨ ਭਾਈ ਰਘਬੀਰ ਸਿੰਘ ਵਾਲਸਾਲ



ਮੁੱਖ ਬੁਲਾਰੇ ਅਤੇ ਜਨਰਲ ਸਕੱਤਰ ਭਾਈ ਕਪਤਾਨ ਸਿੰਘ



ਚੀਫ ਆਰਗੇਨਾਈਜ਼ਰ ਭਾਈ ਰਘਬੀਰ ਸਿੰਘ ਮਾਲੜੀ



ਸੀਨੀਅਰ ਪ੍ਰਧਾਨ ਭਾਈ ਰਘਬੀਰ ਸਿੰਘ ਬੀਰ੍ਹਾ

ਇੰਟਰਨੈਸ਼ਨਲ ਪੰਥਕ ਦਲ ਯੂਕੇ ਵੱਲੋਂ<br>
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ<br>
ਸ. ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ<br>
ਅੰਮ੍ਰਿਤਸਰ ਸਾਹਿਬ

**ਵਿਸ਼ਾ: ਪੰਥਕ ਹੁਕਮਨਾਮਿਆਂ ਦੀ ਉਲੰਘਣਾ, ਨਾ-ਪੂਰੇ ਕੀਤੇ ਵਾਅਦੇ, ਜਥੇਦਾਰ ਨਿਯੁਕਤੀ ਵਿੱਚ ਇੱਕਪੱਖਤਾ ਅਤੇ ਪ੍ਰਕਾਸ਼ ਸਿੰਘ ਬਾਦਲ ਦੇ ਸਨਮਾਨ ਵਾਪਸੀ ਮਾਮਲੇ 'ਚ SGPC ਵੱਲੋਂ ਹੋ ਰਹੀ ਚੁੱਪੀ ਬਾਰੇ ਸਪਸ਼ਟੀਕਰਨ ਦੀ ਮੰਗ।**

ਸਮਮਾਨਿਤ ਪ੍ਰਧਾਨ ਜੀ,

ਇਹ ਪੱਤਰ ਇੰਟਰਨੈਸ਼ਨਲ ਪੰਥਕ ਦਲ - ਯੂਕੇ ਵੱਲੋਂ ਪੂਰੇ ਪੰਥ ਦੀ ਵਧ ਰਹੀ ਨਾਰਾਜ਼ਗੀ, ਚਿੰਤਾ ਅਤੇ ਅਸਥਿਰਤਾ ਨੂੰ ਧਿਆਨ ਵਿੱਚ ਰੱਖਦਿਆਂ ਤੁਹਾਨੂੰ ਖੁੱਲ੍ਹੇ ਰੂਪ ਵਿੱਚ ਸੰਬੋਧਿਤ ਕੀਤਾ ਜਾ ਰਿਹਾ ਹੈ। ਪਿਛਲੇ ਕਈ ਮਹੀਨਿਆਂ ਤੋਂ SGPC ਦੀਆਂ ਕਾਰਵਾਈਆਂ, ਰਵੱਈਏ ਅਤੇ ਪੰਥਕ ਮਾਮਲਿਆਂ 'ਤੇ ਹੋ ਰਹੀ ਚੁੱਪੀ ਸਿੱਖ ਜਥੇਬੰਦੀਆਂ, ਵਿਦੇਸ਼ੀ ਸਿੱਖਾਂ ਅਤੇ ਗੁਰੂ-ਰੂਪ ਸੰਗਤ ਲਈ ਬਹੁਤ ਗੰਭੀਰ ਚਿੰਤਾ ਦਾ ਵਿਸ਼ਾ ਬਣ ਚੁੱਕੀ ਹੈ।

**1. 2 ਦਸੰਬਰ 2024 ਦੇ ਅਕਾਲ ਤਖ਼ਤ ਹੁਕਮਨਾਮੇ ਦੀ ਅਜੇ ਤੱਕ ਅਧਿਕਾਰਕ ਕਾਰਵਾਈ ਕਿਉਂ ਲਾਗੂ ਨਹੀਂ ਹੋਈ ?**

ਸਾਰੇ ਸਿੱਖ ਸੰਸਾਰ ਨੇ ਵੇਖਿਆ ਕਿ 2 ਦਸੰਬਰ 2024 ਨੂੰ ਪ੍ਰਕਾਸ਼ ਸਿੰਘ ਬਾਦਲ ਤੋਂ "ਪੰਥ ਰਤਨ" ਅਤੇ "ਫ਼ਖ਼ਰ-ਏ-ਕੌਮ" ਸਨਮਾਨ ਅਕਾਲ ਤਖ਼ਤ ਸਾਹਿਬ ਵੱਲੋਂ ਵਾਪਸ ਲਏ ਗਏ। ਪਰ ਅੱਜ — ਇੱਕ ਸਾਲ ਤੋਂ ਵੱਧ ਸਮੇਂ ਬਾਅਦ ਵੀ: ਨਾ SGPC ਨੇ ਅਧਿਕਾਰਕ ਤੌਰ 'ਤੇ ਪੰਥ ਨੂੰ ਇਹ ਦੱਸਿਆ ਕਿ ਸਨਮਾਨ ਵਾਪਸ ਜਮ੍ਹਾਂ ਕਰਵਾ ਦਿੱਤੇ ਗਏ ਹਨ, ਨਾ SGPC ਨੇ ਅਕਾਲ ਤਖ਼ਤ ਸਾਹਿਬ ਤੇ ਕੋਈ ਬਿਆਨ ਜਾਰੀ ਕੀਤਾ, ਨਾ ਇਹ ਸਪਸ਼ਟ ਕੀਤਾ ਕਿ ਸਨਮਾਨ ਅਸਲ ਵਿੱਚ ਕਿੱਥੇ ਹਨ। ਇਹ ਸਵਾਲ ਪੰਥਕ ਅਧਿਕਾਰਤਾ ਦੀ ਸਭ ਤੋਂ ਵੱਡੀ ਪਰਖ ਹੈ। SGPC ਦਾ ਪਹਿਲਾ ਫਰਜ ਸੀ ਕਿ ਅਕਾਲ ਤਖ਼ਤ ਦੇ ਹੁਕਮਨਾਮੇ ਨੂੰ ਪੂਰੀ ਪਾਰਦਰਸ਼ਤਾ ਨਾਲ ਲਾਗੂ ਕੀਤਾ ਜਾਵੇ। ਪਰ ਇੱਥੇ ਚੁੱਪੀ, ਢਿੱਲਾਪਨ ਅਤੇ ਅਸਪਸ਼ਟਤਾ ਹੀ ਵੇਖੀ ਗਈ।

**2. ਸੁਖਬੀਰ ਸਿੰਘ ਬਾਦਲ ਵੱਲੋਂ ਸਨਮਾਨ ਮੁੜ ਬਾਦਲ ਪਰਿਵਾਰ ਨੂੰ ਦੇਣ ਦੀਆਂ ਕੋਸ਼ਿਸ਼ਾਂ — SGPC ਕਿਹੜੇ ਦਬਾਅ ਹੇਠ ਹੈ ?**

ਸਾਡੇ ਕੋਲ ਪੂਰੀ ਤਰ੍ਹਾਂ ਭਰੋਸੇਯੋਗ ਜਾਣਕਾਰੀ ਹੈ ਕਿ: ਸੁਖਬੀਰ ਸਿੰਘ ਬਾਦਲ SGPC ਅਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਉੱਪਰ ਦਬਾਅ ਪਾ ਰਿਹਾ ਹੈ ਕਿ ਇਹ ਸਨਮਾਨ ਦੁਬਾਰਾ ਪ੍ਰਕਾਸ਼ ਸਿੰਘ ਬਾਦਲ ਦੇ ਨਾਮ 'ਤੇ ਵਾਪਸ ਕੀਤੇ ਜਾਣ। ਜੇ ਇਹ ਸੱਚ ਹੈ ਤਾਂ ਇਸ ਦੀ ਗੰਭੀਰਤਾ ਬਿਆਨ ਤੋਂ ਪਰੇ ਹੈ: ਇਹ ਕਾਰਵਾਈ ਅਕਾਲ ਤਖ਼ਤ ਦੀ ਅਣਅਦਬੀ, ਪੰਥਕ ਹੁਕਮਨਾਮਿਆਂ ਦੀ ਉਲੰਘਣਾ ਅਤੇ SGPC ਦੀ ਨੈਤਿਕ ਗਿਰਾਵਟ ਦਾ ਸਪਸ਼ਟ ਨਮੂਨਾ ਹੋਵੇਗੀ। ਅਸੀਂ ਇਸ 'ਤੇ ਤੁਹਾਡਾ ਸਧਾਰਨ ਨਹੀਂ, ਸਪਸ਼ਟ, ਲਿਖਤੀ ਅਤੇ ਅਧਿਕਾਰਕ ਜਵਾਬ ਮੰਗਦੇ ਹਾਂ।

**3. SGPC ਪ੍ਰਧਾਨ ਵਜੋਂ ਤੁਹਾਡੇ ਅਨਪੂਰੇ ਵਾਅਦੇ — ਪੰਥ ਲਈ ਤੋੜਿਆ ਗਿਆ ਭਰੋਸਾ**

(1) ਜਥੇਦਾਰ ਨਿਯੁਕਤੀ ਵਿੱਚ ਪੂਰੇ ਪੰਥ ਨੂੰ ਸ਼ਾਮਲ ਕਰਨ ਦਾ ਵਾਅਦਾ — ਪਰ ਫੈਸਲਾ SGPC ਨੇ ਇਕੱਲੇ ਕਰ ਦਿੱਤਾ ਤੁਸੀਂ ਆਪਣੇ ਨੈਤਿਕ ਅਸਤੀਫੇ ਤੋਂ ਬਾਅਦ ਵਾਪਸੀ ਦੌਰਾਨ ਕਿਹਾ ਸੀ ਕਿ: "ਜਥੇਦਾਰ ਦੀ ਨਿਯੁਕਤੀ SGPC ਇਕੱਲੀ ਨਹੀਂ ਕਰੇਗੀ — ਸਾਰੀਆਂ ਜਥੇਬੰਦੀਆਂ ਅਤੇ ਵਿਦੇਸ਼ੀ ਸਿੱਖ ਭਾਗੀਦਾਰ ਹੋਣਗੇ।" ਪਰ ਮਾਰਚ 2025 ਵਿੱਚ— SGPC ਨੇ ਗਿਆਨੀ ਕੁਲਦੀਪ ਸਿੰਘ ਨੂੰ ਇਕੱਲੇ ਹੀ ਨਿਯੁਕਤ ਕਰ ਦਿੱਤਾ। ਇਹ ਪੰਥ ਦੇ ਭਰੋਸੇ ਨਾਲ ਧੋਖੇ ਤੋਂ ਘੱਟ ਨਹੀਂ।

ਆਵਾਜ਼ਿ ਕੌਮ AWAZE QAUM International Newspaper & WEB TV

(2) 35 ਮੈਂਬਰੀ ਕਮੇਟੀ ਬਣਾਉਣ ਦੀ ਘੋਸ਼ਣਾ — ਅਜੇ ਤੱਕ ਕੋਈ ਪ੍ਰਗਤੀ ਨਹੀਂ

ਇਹ ਕਮੇਟੀ ਜਥੇਦਾਰ ਚੋਣ ਵਿੱਚ ਮਾਪਦੰਡ ਨਿਰਧਾਰਤ ਕਰਨ ਲਈ ਘੋਸ਼ਿਤ ਕੀਤੀ ਗਈ ਸੀ, ਪਰ ਅੱਜ ਤੱਕ: ਨਾ ਕਮੇਟੀ ਬਣੀ, ਨਾ ਕੋਈ ਦਸਤਾਵੇਜ਼, ਨਾ ਕੋਈ ਮੀਟਿੰਗ।

(3) ਦਮਦਮੀ ਟਕਸਾਲ ਵੱਲੋਂ ਭੇਜੇ ਗਏ ਮੰਗ ਪੱਤਰ ਨੂੰ 15 ਦਿਨ ਵਿੱਚ ਜਵਾਬ ਦੇਣ ਦਾ ਵਾਅਦਾ — ਪੱਤਰ ਠੰਢੇ ਬਸਤੇ ਵਿੱਚ ਇਹ SGPC ਦੀ ਕਾਰਗੁਜ਼ਾਰੀ ਨਹੀਂ, ਪੰਥ ਨਾਲ ਖਿਲਵਾੜ ਹੈ।

(4) **ਨੈਤਿਕ ਅਸਤੀਫਾ - ਪਰ ਸੁਖਬੀਰ ਬਾਦਲ ਦੀ "ਜੱਫੀ" ਨਾਲ ਪ੍ਰਧਾਨਗੀ ਵਾਪਸ ਸਵੀਕਾਰਨਾ**

ਤੁਸੀਂ ਨੈਤਿਕ ਅਸਤੀਫਾ ਦੇ ਕੇ ਪੰਥਕ ਨੈਤਿਕਤਾ ਦੀ ਗੱਲ ਕੀਤੀ, ਪਰ ਜਦੋਂ ਤੁਸੀਂ ਸੁਖਬੀਰ ਬਾਦਲ ਦੀ ਮੌਜੂਦਗੀ ਵਿੱਚ ਵਾਪਸ ਆ ਕੇ ਪ੍ਰਧਾਨਗੀ ਸੰਭਾਲੀ, ਤਾਂ ਸਾਰੀ ਨੈਤਿਕਤਾ ਅਤੇ ਸਿਧਾਂਤ ਧੁੰਧਲੇ ਹੋ ਗਏ।

**4. SGPC ਦੀ ਚੁੱਪੀ** - ਵਿਦੇਸ਼ੀ ਸਿੱਖਾਂ ਵਿੱਚ ਵਧ ਰਹੀ ਨਾਰਾਜ਼ਗੀ ਦਾ ਮੁੱਖ ਕਾਰਨ

ਅਸੀਂ SGPC ਨਾਲ, ਜਥੇਦਾਰ ਸਾਹਿਬਾਨ ਨਾਲ ਅਤੇ ਹੋਰ ਜਥੇਬੰਦੀਆਂ ਨਾਲ ਕਈ ਵਾਰ ਸੰਪਰਕ ਕੀਤਾ,

ਪਰ— ਨਾ ਫ਼ੋਨ ਦਾ ਜਵਾਬ, ਨਾ ਕਿਸੇ ਅਧਿਕਾਰੀ ਦਾ ਸਪਸ਼ਟ ਬਿਆਨ। ਇਹ ਚੁੱਪੀ ਹੀ ਸਭ ਤੋਂ ਵੱਡੀ ਗਲਤਫ਼ਹਿਮੀ ਅਤੇ ਬੇਚੈਨੀ ਦਾ ਕਾਰਨ ਹੈ।

**5. ਸਾਡੀਆਂ ਮੰਗਾਂ - ਤੁਰੰਤ ਅਤੇ ਬਿਨਾ ਕਿਸੇ ਅਸਮੰਜਸੇ ਦੇ ਅਸੀਂ SGPC ਪ੍ਰਧਾਨ ਵਜੋਂ ਤੁਹਾਨੂੰ ਸਾਫ਼-ਸੁਥਰੇ ਸ਼ਬਦਾਂ ਵਿੱਚ ਸੂਚਿਤ ਕਰਦੇ ਹਾਂ ਕਿ:**

(1) 2 ਦਸੰਬਰ 2024 ਦੇ ਅਕਾਲ ਤਖ਼ਤ ਹੁਕਮਨਾਮੇ ਨੂੰ ਤੁਰੰਤ ਅਧਿਕਾਰਕ ਤੌਰ 'ਤੇ ਲਾਗੂ ਦੱਸਿਆ ਜਾਵੇ।

(2) ਪ੍ਰਕਾਸ਼ ਸਿੰਘ ਬਾਦਲ ਤੋਂ ਵਾਪਸ ਲਏ ਗਏ ਸਨਮਾਨ SGPC ਵੱਲੋਂ ਅਕਾਲ ਤਖ਼ਤ ਸਾਹਿਬ ਵਿੱਚ ਜਮ੍ਹਾਂ ਕਰਕੇ ਪੰਥ ਨੂੰ ਅਧਿਕਾਰਕ ਜਾਣਕਾਰੀ ਦਿੱਤੀ ਜਾਵੇ।

(3) ਸਨਮਾਨ ਦੁਬਾਰਾ ਬਾਦਲ ਪਰਿਵਾਰ ਨੂੰ ਵਾਪਸ ਕਰਨ ਦੀਆਂ ਅੰਦਰੂਨੀ ਕੋਸ਼ਿਸ਼ਾਂ ਨੂੰ SGPC ਤੁਰੰਤ ਰੋਕੇ।

(4) ਜਥੇਦਾਰ ਨਿਯੁਕਤੀ ਪ੍ਰਕਿਰਿਆ ਨੂੰ ਦੁਬਾਰਾ ਸ਼ੁਰੂ ਕਰਕੇ ਪੂਰੇ ਪੰਥ ਨੂੰ ਸ਼ਾਮਲ ਕੀਤਾ ਜਾਵੇ।

(5) ਦਮਦਮੀ ਟਕਸਾਲ ਦੇ ਮੰਗ ਪੱਤਰ ਦਾ ਜਵਾਬ ਅਧਿਕਾਰਕ ਤੌਰ 'ਤੇ ਜਾਰੀ ਕੀਤਾ ਜਾਵੇ।

6. ਅੰਤਿਮ ਚੇਤਾਵਨੀ — SGPC ਨੇ ਜਿੰਮੇਵਾਰੀ ਨਾ ਨਿਭਾਈ ਤਾਂ ਵਿਦੇਸ਼ੀ ਸਿੱਖ ਸੰਘਰਸ਼ ਲਈ ਤਿਆਰ ਹਨ

**ਸਪਸ਼ਟ ਸ਼ਬਦਾਂ ਵਿੱਚ:** ਜੇ SGPC ਨੇ ਇਹ ਸਾਰੇ ਕਦਮ ਤੁਰੰਤ ਨਾ ਚੁੱਕੇ, ਤਾਂ ਇੰਟਰਨੈਸ਼ਨਲ ਪੰਥਕ ਦਲ ਯੂਕੇ ਸਮੇਤ ਸਾਰੀਆਂ ਵਿਦੇਸ਼ੀ ਜਥੇਬੰਦੀਆਂ ਵੱਡਾ, ਸੰਗਠਿਤ ਅਤੇ ਲੰਬੇ ਸਮੇਂ ਦਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੀਆਂ।

ਇਹ ਸੰਘਰਸ਼—

- ☛ ਅਕਾਲ ਤਖ਼ਤ ਦੀ ਅਥਾਰਟੀ ਲਈ,
- ☛ ਪੰਥਕ ਮਰਯਾਦਾ ਦੀ ਰੱਖਿਆ ਲਈ,
- ☛ ਅਤੇ SGPC ਨੂੰ ਉਸਦੀ ਜਿੰਮੇਵਾਰੀ ਯਾਦ ਕਰਵਾਉਣ ਲਈ ਹੋਵੇਗਾ।

**ਇਹ ਪੱਤਰ ਕੋਈ ਰਾਜਨੀਤਿਕ ਬਿਆਨ ਨਹੀਂ — ਪੰਥਕ ਫ਼ਰਜ਼ ਅਤੇ ਸੱਚਾਈ ਦੀ ਆਵਾਜ਼ ਹੈ।**

**ਇੰਟਰਨੈਸ਼ਨਲ ਪੰਥਕ ਦਲ ਯੂ ਕੇ**

## ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪੰਜ ਸਿੰਘ ਸਾਹਿਬਾਨਾਂ ਨੂੰ ਅਪੀਲ — "ਪੰਥਕ ਮਸਲਿਆਂ ਨੂੰ ਉਲਟਾਉਣ ਦੀ ਹਰ ਕੋਸ਼ਿਸ਼ ਰੋਕੀ ਜਾਵੇ

ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਅੱਜ ਇੱਕ ਸਾਂਝੇ ਬਿਆਨ ਰਾਹੀਂ ਸ਼੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਣ ਵਾਲੀ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਨੂੰ ਸਿੱਖ ਸੰਗਤਾਂ ਦੇ ਭਾਵਨਾਂ ਨਾਲ ਜੋੜਿਆ ਹੈ ਅਤੇ ਜਥੇਦਾਰਾਂ ਨੂੰ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਪਿਛਲੇ ਦੋ ਸਾਲਾਂ ਵਿਚ ਚੱਲ ਰਹੇ ਪੰਥਕ ਮਸਲਿਆਂ ਨੂੰ ਉਲਟਾਉਣ ਦੀ ਕੋਸ਼ਿਸ਼ ਨਾ ਕੀਤੀ ਜਾਵੇ ਨਹੀ ਤਾਂਵਿਰੋਧ ਦਾ ਕਾਰਨ ਬਣ ਸਕਦੀ ਹੈ।

**"ਪੰਥਕ ਫ਼ੈਸਲੇ ਸੰਗਤ ਦੀ ਭਾਵਨਾ ਦੇ ਅਨੁਸਾਰ ਹੋਣੇ ਚਾਹੀਦੇ ਹਨ" — ਆਗੂਆਂ ਦਾ ਸੂਚਨਾ-ਪੱਤਰ**

ਆਗੂਆਂ ਨੇ ਕਿਹਾ ਕਿ ਪੰਜ ਸਿੰਘ ਸਾਹਿਬਾਨ ਇਤਿਹਾਸਕ ਤੌਰ 'ਤੇ ਪੰਥ ਦੇ ਸਰਵਉਚ ਅਧਿਕਾਰ ਦੀ ਨਿਸ਼ਾਨੀ ਹਨ। ਇਸ ਲਈ ਹਰ ਫੈਸਲਾ ਸੰਗਤਾਂ ਦੀਆਂ ਭਾਵਨਾਵਾਂ, ਪੰਥਕ ਹਿਤ ਅਤੇ ਗੁਰਮਰਿਆਦਾ ਦੇ ਅਧਾਰ 'ਤੇ ਹੋਣਾ ਚਾਹੀਦਾ ਹੈ, ਨਾ ਕਿ ਕਿਸੇ ਇੱਕ ਧੜੇ ਜਾਂ ਪਰਿਵਾਰ ਦੇ ਦਬਾਅ ਹੇਠ।

ਉਨ੍ਹਾਂ ਨੇ ਸਿੱਧੀ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ: "ਜੇ ਗੁਰਮਰਿਆਦਾ ਦੇ ਖਿਲਾਫ਼ ਜਾਂ ਵਿਵਾਦਿਤ ਫ਼ੈਸਲੇ ਲਏ ਗਏ ਤਾਂ ਪੰਥ ਵਿੱਚ ਉਬਾਲ ਆ ਸਕਦਾ ਹੈ।" ਖ਼ਾਸ ਕਰਕੇ ਆਗੂਆਂ ਨੇ ਉਸ ਮਾਮਲੇ ਦਾ ਜ਼ਿਕਰ ਕੀਤਾ ਜਿਸ ਵਿੱਚ ਫ਼ਖ਼ਰ-ਏ-ਕੌਮ ਦਾ ਸਨਮਾਨ ਵਾਪਸ ਕਿਸੇ ਰਾਜਨੀਤਿਕ ਪਰਿਵਾਰ ਨੂੰ ਦੇਣ ਦੀਆਂ ਗੱਲਾਂ ਚੱਲ ਰਹੀਆਂ ਹਨ। ਇੰਟਰਨੈਸ਼ਨਲ ਪੰਥਕ ਦਲ ਨੇ ਕਿਹਾ ਕਿ ਅਜੇਹੇ ਫ਼ੈਸਲੇ ਪੰਥਕ ਏਕਤਾ ਨੂੰ ਤੋੜਦੇ ਹਨ ਅਤੇ ਸੰਗਤ ਵਿੱਚ ਗੰਭੀਰ ਪ੍ਰਤੀਕਿਰਿਆ ਪੈਦਾ ਕਰ ਸਕਦੇ ਹਨ।

**"ਪੰਥ ਨੂੰ ਭਰਾ-ਮਾਰੂ ਲੜਾਈ 'ਚ ਨਾ ਧੱਕਿਆ ਜਾਵੇ" — ਅਪੀਲ**

ਆਗੂਆਂ ਨੇ ਪੰਜ ਸਿੰਘ ਸਾਹਿਬਾਨਾਂ ਨੂੰ ਬੇਨਤੀ ਕੀਤੀ ਕਿ:

ਕੋਈ ਵੀ ਫ਼ੈਸਲਾ ਪੰਥ ਦੀਆਂ ਲੱਖਾਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖ ਕੇ ਹੀ ਲਿਆ ਜਾਵੇ

ਅਜਿਹੇ ਫ਼ੈਸਲੇ ਨਾ ਕੀਤੇ ਜਾਣ ਜਿਨ੍ਹਾਂ ਨਾਲ ਸਿੱਖ ਕੌਮ ਵਿੱਚ ਦੁਬਾਰਾ ਭਰਾ-ਵਿਰੋਧ ਹੋਵੇ

ਪੰਥ ਨੂੰ ਕਿਸੇ ਇੱਕ ਗਰੁੱਪ ਜਾਂ ਪਰਿਵਾਰ ਦੀ ਰਾਜਨੀਤੀ ਦਾ ਸ਼ਿਕਾਰ ਨਾ ਬਣਾਇਆ ਜਾਵੇ। ਇੰਟਰਨੈਸ਼ਨਲ ਪੰਥਕ ਦਲ ਨੇ ਸਪੱਸ਼ਟ ਕੀਤਾ ਕਿ ਉਹ ਪੰਥ ਦੀ ਏਕਤਾ, ਨਿਆਂ ਅਤੇ ਗੁਰਮਰਿਆਦਾ ਦੇ ਚਾਹਵਾਨ ਹਨ, ਅਤੇ ਇਸ ਮੂਲ-ਸਿਧਾਂਤ ਤੋਂ ਕੋਈ ਵੀ ਡਿਗਾਵਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

**ਇਹ ਬਿਆਨ ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ— ਭਾਈ ਪਰਮਜੀਤ ਸਿੰਘ (ਅੰਤਰਰਾਸ਼ਟਰੀ ਆਰਗੇਨਾਈਜ਼ਰ), ਭਾਈ ਰਘਵੀਰ ਸਿੰਘ (ਪ੍ਰਧਾਨ), ਭਾਈ ਕਪਤਾਨ ਸਿੰਘ (ਜਨਰਲ ਸਕੱਤਰ), ਭਾਈ ਰਘਬੀਰ ਸਿੰਘ ਬੀਰ੍ਹਾ (ਸੀਨੀਅਰ ਮੀਤ ਪ੍ਰਧਾਨ) ਅਤੇ ਭਾਈ ਰਘਵੀਰ ਸਿੰਘ ਮਾਲੜੀ—ਵੱਲੋਂ ਜਾਰੀ ਕੀਤਾ ਗਿਆ ਹੈ।**

ਪੰਜਾਬ ਸਰਕਾਰ ਵੱਲੋਂ

# ਸਿੱਖ ਸੰਸਥਾਵਾਂ ਵਿੱਚ ਦਖਲ ਬਰਦਾਸ਼ਤ ਨਹੀਂ- ਐਡਵੋਕੇਟ ਧਾਮੀ



ਨਵੀਂ ਦਿੱਲੀ, 7 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):– ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਕੁਝ ਜਥੇਬੰਦੀਆਂ ਦੇ ਧਰਨੇ ਦੀ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕੀਤੀ ਗਈ ਅਗਵਾਈ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਸੰਸਥਾਵਾਂ ਵਿੱਚ ਖੁੱਲ੍ਹੀ ਦਖਲਅੰਦਾਜ਼ੀ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਪੁਰਾਣੇ ਮਾਮਲੇ ਵਿੱਚ ਲੱਗੇ ਧਰਨੇ ਵਿਚ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਦਾ ਸ਼ਾਮਲ ਹੋਣਾ ਅਤੇ ਨਿਰਦੇਸ਼ ਦੇਣੇ ਪੂਰੀ ਤਰ੍ਹਾਂ ਸਿਆਸਤ ਤੋਂ ਪ੍ਰੇਰਿਤ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਇਹ ਸੁਪਨਾ ਲੈਣਾ ਛੱਡ ਦੇਵੇ ਕਿ ਉਹ ਸਿੱਖ ਸੰਸਥਾਵਾਂ ਨੂੰ ਆਪਣੀ ਮਨਮਰਜ਼ੀ ਨਾਲ ਚਲਾਉਣਗੇ। ਉਨ੍ਹਾਂ ਕਿਹਾ ਕਿ ਕੌਮੀ ਸੰਸਥਾਵਾਂ ਸਿਰਫ਼ ਕੌਮ ਦੀਆਂ ਹਨ ਅਤੇ ਇਨ੍ਹਾਂ ਵਿੱਚ ਸਰਕਾਰੀ ਦਖਲ ਦੀ ਕੋਈ ਵੀ ਕੋਸ਼ਿਸ਼ ਕਾਮਯਾਬ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਸਪਸ਼ਟ ਤੌਰ 'ਤੇ ਆਖਿਆ ਕਿ ਸਿੱਖ ਕੌਮ ਆਪਣੀਆਂ ਧਾਰਮਿਕ ਸੰਸਥਾਵਾਂ ਦੀ ਮਰਯਾਦਾ ਅਤੇ ਪਰੰਪਰਾਵਾਂ ਦੀ ਰੱਖਿਆ ਕਰਨੀ ਜਾਣਦੀ ਹੈ, ਜਿਸ ਬਾਰੇ ਸਰਕਾਰ ਨੂੰ ਚੰਗੀ ਤਰ੍ਹਾਂ ਸਮਝ ਲੈਣਾ ਚਾਹੀਦਾ ਹੈ।

**ਕਿਹਾ; ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਕਾਰਵਾਈ ਮਗਰੋਂ ਸਰਕਾਰੀ ਦਖਲ ਸਿਆਸਤ ਤੋਂ ਪ੍ਰੇਰਿਤ**

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਜਿਸ ਮਾਮਲੇ ਵਿਚ ਸਰਕਾਰ ਦਖਲ ਦੇਣ ਦੀ ਗੰਭੀਰ ਗਲਤੀ ਕਰ ਰਹੀ ਹੈ, ਇਹ ਸਿੱਧੇ ਤੌਰ 'ਤੇ ਸ਼੍ਰੋਮਣੀ ਕਮੇਟੀ ਦਾ ਪ੍ਰਬੰਧਕੀ ਮਾਮਲਾ ਹੈ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ਦੀ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਆਪ ਜਾਂਚ ਕਰਵਾਈ ਗਈ ਸੀ ਅਤੇ ਜਾਂਚ ਪੜਤਾਲ ਦੀ ਰੀਪੋਰਟ ਅਤੇ ਸਿਫਾਰਸਾਂ ਅਨੁਸਾਰ ਵਿਭਾਗੀ ਕਾਰਵਾਈ ਕੀਤੀ ਜਾ ਚੁੱਕੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰੀਪੋਰਟ ਵਿੱਚ ਸਪੱਸ਼ਟ ਹੋ ਚੁੱਕਾ ਹੈ ਕਿ 328 ਪਾਵਨ ਸਰੂਪਾਂ ਦਾ ਮਾਮਲਾ ਬੇਅਦਬੀ ਦਾ ਨਹੀਂ ਬਲਕਿ ਕੁਝ ਮੁਲਾਜ਼ਮਾਂ ਵੱਲੋਂ ਪੈਸਿਆਂ ਦੀ ਕੀਤੀ ਹੇਰਾਫੇਰੀ ਦਾ ਹੈ। ਉਨ੍ਹਾਂ ਕਿਹਾ ਕਿ ਕੌਮ ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਸਰਬਉੱਚ ਹਨ ਅਤੇ ਜੇਕਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਸਾਰੀ ਕਾਰਵਾਈ ਮੁਕੰਮਲ ਕੀਤੀ ਜਾ ਚੁੱਕੀ ਹੈ ਤਾਂ ਸਰਕਾਰ ਕੌਣ ਹੁੰਦੀ ਹੈ ਕਿ ਉਹ ਇਸ ਉਤੇ ਸਿਆਸਤ ਕਰੇ। ਐਡਵੋਕੇਟ ਧਾਮੀ ਨੇ 1999 ਵਿੱਚ ਛਪੀ ਕਿਤਾਬ ਦੇ ਮਾਮਲੇ ਨੂੰ ਦਿੱਤੀ ਜਾ ਰਹੀ ਤੂਲ ਨੂੰ ਵੀ ਸਿਆਸੀ ਹਰਕਤ ਦੱਸਿਆ। ਉਨ੍ਹਾਂ ਆਖਿਆ ਕਿ ਜੋ ਅੰਗਰੇਜ਼ੀ ਪੁਸਤਕ ਦਾ ਅਨੁਵਾਦ ਕਰਵਾ ਕੇ ਪੁਸਤਕ ਛਪਾਈ ਗਈ ਸੀ, ਇਤਰਾਜ਼ਾਂ ਬਾਅਦ ਸ਼੍ਰੋਮਣੀ ਕਮੇਟੀ ਦੇ ਤਤਕਾਲੀ ਪ੍ਰਬੰਧਕਾਂ ਨੇ ਇਸ 'ਤੇ ਰੋਕ ਲਗਾਉਣ ਦੇ ਨਾਲ ਨਾਲ ਇਸ ਨੂੰ ਵਾਪਸ ਲੈਣ ਲਈ ਅਖ਼ਬਾਰਾਂ ਵਿਚ ਇਸ਼ਿਤਹਾਰ ਵੀ ਦਿੱਤੇ ਸਨ। ਇਸ ਤੋਂ ਇਲਾਵਾ ਬੀਤੇ ਵਿਚ ਇਜਲਾਸ ਦੌਰਾਨ ਭੁੱਲ ਦੀ ਖਿਮਾ ਵੀ ਮੰਗੀ ਗਈ ਸੀ। ਹੁਣ ਇਸ ਨੂੰ ਮੁੜ ਮੁੜ ਉਭਾਰਨ ਦੀ ਕੋਈ ਤੁਕ ਨਹੀਂ ਬਣਦੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸ਼੍ਰੋਮਣੀ ਕਮੇਟੀ ਕਿਸੇ ਵੀ ਦਬਾਅ ਜਾਂ ਨੀਵੀਂ ਪੱਧਰ ਦੀ ਸਰਕਾਰੀ ਹਰਕਤ ਤੋਂ ਘਬਰਾਉਣ ਵਾਲੀ ਨਹੀਂ ਅਤੇ ਕਮੇਟੀ ਦੇ ਮੈਂਬਰ ਸਰਕਾਰੀ ਚਾਲਾਂ ਨੂੰ ਕਦੇ ਵੀ ਸਫਲ ਨਹੀਂ ਹੋਣ ਦੇਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਸਿੱਖ ਮਾਮਲਿਆਂ ਵਿੱਚ ਦਖਲਅੰਦਾਜ਼ੀ ਬੰਦ ਕੀਤੀ ਜਾਵੇ। ਜੇਕਰ ਸਿੱਖ ਸੰਸਥਾਵਾਂ ਅਤੇ ਗੁਰੂ ਘਰ ਦੀ ਮਰਯਾਦਾ ਵਿਚ ਦਖਲ ਦੀਆਂ ਹਰਕਤਾਂ ਬੰਦ ਨਾ ਕੀਤੀਆਂ ਤਾਂ ਨਿਕਲਣ ਵਾਲੇ ਨਤੀਜਿਆਂ ਲਈ ਜ਼ੁੰਮੇਵਾਰ ਪੰਜਾਬ ਸਰਕਾਰ ਹੋਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਵੀ ਅਪੀਲ ਕੀਤੀ ਕਿ ਜਿਹੜੇ ਮਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵਿਚਾਰੇ ਜਾਣ ਬਾਅਦ ਕਾਰਵਾਈ ਕੀਤੀ ਜਾ ਚੁੱਕੀ ਹੈ, ਉਨ੍ਹਾਂ ਵਿਚ ਸਰਕਾਰਾਂ ਦੀ ਦਖਲਅੰਦਾਜ਼ੀ ਦਾ ਨੋਟਿਸ ਲਿਆ ਜਾਵੇ, ਤਾਂ ਜੋ ਪੰਥ ਦੀਆਂ ਰਵਾਇਤਾਂ ਦਾ ਸਤਿਕਾਰ ਬਰਕਰਾਰ ਰਹੇ।


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

## DR. KAMALJIT SAROA

B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**

**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'





### ਸਿੱਖ ਸੰਗਤਾਂ ਨਾਲ ਧੋਖਾ ਕਰਨ ਵਾਲਾ

# ਜਗਦੀਸ਼ ਸਿੰਘ ਝੀਂਡਾ ਤੁਰੰਤ ਦੇਵੇ ਅਸਤੀਫ਼ਾ- ਜਥੇਦਾਰ ਬਿੱਟਾ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਅਸਥਿਰਤਾ ਦਾ ਕਾਰਨ ਖੁਦ ਜਗਦੀਸ਼ ਸਿੰਘ ਝੀਂਡਾ ਹੈ ਅਤੇ ਹਰਿਆਣਾ ਨਿਵਾਸੀ ਸਿੱਖ ਸੰਗਤਾਂ ਨੂੰ ਗੁੰਮਰਾਹ ਕਰਕੇ ਧੋਖਾ ਕਰਨ ਦਾ ਵੀ ਦੋਸ਼ੀ ਹੈ ਝੀਂਡਾ ਨੇ ਸਿੱਖ ਸੰਗਤਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ ਇਸ ਲਈ ਪ੍ਰਧਾਨ ਝੀਂਡਾ ਆਪਣੇ ਕਮੇਟੀ

ਆਵਾਜ਼ਿ ਕੌਮ AWAZE QAUM International Newspaper & WEB TV

ਪਦ ਤੋਂ ਤੁਰੰਤ ਅਸਤੀਫ਼ਾ ਦੇਵੇ ਮੀਡੀਆ ਨੂੰ ਇੱਕ ਲਿਖਤੀ ਪ੍ਰੈਸਨੋਟ ਜਾਰੀ ਕਰਦਿਆ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਝੀਂਡਾ ਗਰੁੱਪ ਵਲੋਂ ਅੰਬਾਲਾ ਤੋਂ ਚੋਂਣ ਲੜ ਚੁੱਕੇ ਅਤੇ ਹਰਿਆਣਾ ਕਮੇਟੀ ਵੱਖਰੀ ਬਣਾਉਣ ਲਈ ਝੀਂਡਾ ਦੇ ਨਾਲ ਸੰਘਰਸ਼ ਵਿੱਚ ਸਾਥੀ ਰਹੇ ਜਥੇਦਾਰ ਜਸਵਿੰਦਰ ਸਿੰਘ ਬਿੱਟਾ ਅੰਬਾਲਾ ਸ਼ਹਿਰੀ ਪ੍ਰਧਾਨ ਝੀਂਡਾ ਗਰੁੱਪ ਨੇ ਕੀਤਾ ਉਨਾਂ ਕਿਹਾ ਕੇ ਜਗਦੀਸ਼ ਸਿੰਘ ਝੀਂਡਾ ਨੇ ਆਪਣੀ ਰਾਜਨੀਤਿਕ ਲਾਲਸਾ ਪੂਰੀ ਕਰਨ ਲਈ ਹਰਿਆਣਾ ਦੀਆਂ ਸਿੱਖ ਸੰਗਤਾਂ ਨੂੰ ਗੁੰਮਰਾਹ ਕਰਕੇ ਹਰਿਆਣਾ ਪੰਜਾਬ ਦੀਆਂ ਸੰਗਤਾਂ ਨੂੰ ਦੋਫਾੜ ਕੀਤਾ ਤੇ ਸਿੱਖ ਸੰਗਤਾਂ ਨੂੰ ਗੁੰਮਰਾਹ ਕਰਕੇ ਹਰਿਆਣਾ ਦੇ ਸਿੱਖਾਂ ਦੀ ਧੰਨ ਸ਼ਕਤੀ ਸਮਾਂ ਬਰਬਾਦ ਕਰਨ ਦਾ ਝੀਂਡਾ ਦੋਸ਼ੀ ਹੈ ਪਿਛਲੇ 25 ਸਾਲਾਂ ਤੋਂ ਬਾਦਲ ਗਰੁੱਪ ਨੂੰ ਗਾਲਾਂ ਕੱਢਦਾ ਕੋਸਦਾ ਰਿਹਾ ਅਤੇ ਹੁਣ ਨਿੱਜੀ ਲਾਲਸਾ ਪੂਰੀ ਕਰਨ ਲਈ 350 ਸਾਲਾ ਸ਼ਹੀਦੀ ਸਮਾਗਮ ਧਮਤਾਨ ਸਾਹਿਬ ਬਾਦਲਾਂ ਦੇ ਹਵਾਲੇ ਕਰਕੇ ਬਾਦਲ ਦਲ ਦੇ ਆਗੂ ਬਲਵਿੰਦਰ ਸਿੰਘ ਭੂੰਦੜ ਨੂੰ ਸਟੇਜ ਤੋਂ ਬੁਲਾ ਕੇ ਹਰਿਆਣਾ ਦੀਆਂ ਸਿੱਖ ਸੰਗਤਾਂ ਨਾਲ ਵਿਸ਼ਵਾਸਘਾਤ ਕੀਤਾ ਹੈ ਝੀਂਡਾ ਸਿਖ ਸੰਗਤ ਪੰਥ ਦਾ ਦੋਸ਼ੀ ਤੇ ਗੁਰੂ ਹਰਗੋਬਿੰਦ ਸਾਹਿਬ ਦਾ ਵੀ ਗੁਨਾਹਗਾਰ ਹੈ ਜਿਸਨੂੰ ਕੁਰੂਕਸ਼ੇਤਰ ਡੇਰਾ ਕਾਰ ਸੇਵਾ ਵਿੱਚ ਕਮੇਟੀ ਚੋਣਾਂ ਤੋਂ ਪਹਿਲਾਂ ਹੋਈ ਇਕੱਤਰਤਾ ਵਿੱਚ ਬਾਦਲ ਗਰੁੱਪ ਨੂੰ ਛੱਡ ਕੇ ਬਾਕੀ ਕਿਸੇ ਨਾਲ ਵੀ ਗੱਠਜੋੜ ਕਰਨ ਦੀ ਆਗਿਆ ਸੰਗਤਾਂ ਨੇ ਦਿੱਤੀ ਸੀ ਪ੍ਰੰਤੂ ਸੰਗਤ ਦੇ ਆਦੇਸ਼ ਨੂੰ ਨਾ ਮੰਨਦੇ ਹੁਣ ਝੀਂਡਾ ਨੇ ਬਾਦਲ ਗਰੁੱਪ ਦੇ ਨਾਲ ਏਕਤਾ ਕਰ ਲਈ ਹੈ ਉਨਾਂ ਕਿਹਾ ਕੇ ਝੀਂਡਾ ਅੱਜ ਜਥੇਦਾਰ ਦਾਦੂਵਾਲ ਨੂੰ ਬੁਰਾ ਭਲਾ ਕਹਿ ਰਿਹਾ ਹੈ ਪਰ ਪਹਿਲਾਂ ਪ੍ਰਧਾਨ ਬਨਣ ਲਈ ਦਾਦੂਵਾਲ ਜੀ ਨਾਲ ਸਮਝੌਤਾ ਕਿਉਂ ਕੀਤਾ ਅਗਰ ਦਾਦੂਵਾਲ ਦੇ ਸਾਥ ਨਹੀਂ ਚੱਲਣਾ ਸੀ ਤਾਂ ਫਿਰ ਆਪਣੀ ਪ੍ਰਧਾਨਗੀ ਲਈ ਉਸ ਦੇ ਗੋਡੇ ਕਿਉਂ ਫੜੇ ਦਾਦੂਵਾਲ ਦੀਆਂ ਲੇਲੜੀਆਂ ਕੱਢ ਕੇ ਉਨਾਂ ਦੇ ਮੈਂਬਰਾਂ ਦਾ ਸਮਰਥਨ ਲੈ ਕੇ ਪ੍ਰਧਾਨ ਕਿਉਂ ਬਣਿਆ ਪਾਤਸ਼ਾਹੀ ਛੇਵੀਂ ਗੁਰਦੁਆਰੇ ਗੁਰੂ ਗ੍ਰੰਥ ਸਾਹਿਬ ਨੂੰ ਹਾਜ਼ਰ ਨਾਜ਼ਰ ਜਾਣਦੇ ਹੋਇ ਗੁਰੂ ਜਾਮਨ ਦਾ ਝੂਠਾ ਵਾਅਦਾ ਕਿਉਂ ਕੀਤਾ ਕਿ ਅਸੀਂ ਦੋਨੋਂ ਭਰਾ ਰਲਕੇ ਕਮੇਟੀ ਚਲਾਵਾਂਗੇ ਤਾਂ ਹੁਣ ਮੁਨਕਰ ਕਿਉਂ ਹੋਇਆ ਝੀਂਡਾ ਗਠਜੋੜ ਤੋੜਨ ਦਾ ਵੀ ਦੋਸ਼ੀ ਹੈ ਭ੍ਰਿਸ਼ਟ ਕਰਮਚਾਰੀਆਂ ਨੂੰ ਆਪਣੇ ਦਫਤਰੀ ਬਣਾ ਕੇ ਗੁਰਦੁਆਰਾ ਫੰਡਾਂ ਦੀ ਦੁਰਪ੍ਰਯੋਗ ਕਰਨ ਦੀ ਪ੍ਰਧਾਨ ਝੀਂਡਾ ਦੀ ਮਨਸ਼ਾ ਜੱਗ ਜ਼ਾਹਰ ਹੋ ਗਈ ਹੈ ਜਿਸ ਨਾਲ ਝੀਂਡਾ ਦਾ ਕੁਰਪਟ ਚਿਹਰਾ ਨੰਗਾ ਹੋ ਗਿਆ ਹੈ ਜਦੋਂ ਭੁਪਿੰਦਰ ਸਿੰਘ ਲਾਡੀ ਝੀਂਡਾ ਨੂੰ ਆਪਣੀ ਗੱਡੀ ਚ ਬਿਠਾ ਕੇ ਆਪਣੇ ਖਰਚੇ ਤੇ ਪ੍ਰਧਾਨ ਬਣਾਉਣ ਲਈ ਭੱਜ ਦੌੜ ਕਰ ਰਿਹਾ ਸੀ ਉਸ ਵੇਲੇ ਉਹ ਸ਼ਰੀਫ ਸੀ ਅਤੇ ਜਦੋਂ ਉਸਨੇ ਝੀਂਡਾ ਦੇ ਕੱਚੇ ਚਿੱਠੇ ਖੋਲ ਦਿੱਤੇ ਤਾਂ ਹੁਣ ਉਹ ਬਦਮਾਸ਼ ਹੋ ਗਿਆ ਝੀਂਡਾ ਨੇ ਭੁਪਿੰਦਰ ਸਿੰਘ ਲਾਡੀ ਦੇ ਪਰਿਵਾਰ ਉਪਰ ਨਿੱਜੀ ਟਿੱਪਣੀ ਕਰਕੇ ਬਹੁਤ ਹੀ ਇਨਸਾਨੀਅਤ ਤੋਂ ਗਿਰੀ ਹਰਕਤ ਕੀਤੀ ਹੈ ਇਸ ਲਈ ਝੀਂਡਾ ਨੂੰ ਤੁਰੰਤ ਮੁਆਫ਼ੀ ਮੰਗਣੀ ਚਾਹੀਦੀ ਹੈ ਝੀਂਡਾ ਸੰਗਤਾਂ ਨੂੰ ਇਹ ਦੱਸੇ ਕੇ ਬਾਦਲ ਦਲ ਨਾਲ ਉਸਦਾ ਸਮਝੌਤਾ ਕੀ ਤੇ ਕਿੰਨੇ ਵਿੱਚ ਹੋਇਆ ਹੈ ਝੀਂਡਾ ਜੇ ਇਨਾਂ ਹੀ ਸਾਫ ਸੁਥਰਾ ਤੇ ਇਮਾਨਦਾਰ ਹੈ ਤਾਂ ਉਸ ਦੀ ਐਗਜ਼ੈਕਟਿਵ ਪੂਰੀ ਕਿਉਂ ਨਹੀਂ ਹੁੰਦੀ ਤੇ ਜਰਨਲ ਹਾਊਸ ਵੀ ਪੂਰਾ ਕਿਉਂ ਨਹੀਂ ਹੋ ਰਿਹਾ 3 ਵਾਰ ਐਗਜੈਕਟਿਵ ਅਤੇ 2 ਵਾਰ ਜਰਨਲ ਹਾਊਸ ਫੇਲ ਹੋ ਚੁੱਕਾ ਹੈ ਪ੍ਰਧਾਨ ਝੀਂਡਾ ਨੇ ਪਿਛਲੇ 7 ਮਹੀਨਿਆਂ ਵਿੱਚ ਡੱਕਾ ਤੋੜ ਕੇ ਦੋਹਰਾ ਨਹੀਂ ਕੀਤਾ ਉਹ ਦੱਸੇ ਕੇ ਉਸਦੀ ਕੀ ਪ੍ਰਾਪਤੀ ਹੈ ਹਰਿਆਣਾ ਕਮੇਟੀ ਦੀ ਲੜਾਈ ਲੜਨ ਵਾਲੇ ਸੇਵਾਦਾਰ ਅੱਜ ਕਿੱਥੇ ਹਨ ਸਾਰੇ ਪੁਰਾਣੇ ਸਾਥੀ ਝੀਂਡਾ ਦੀ ਤਾਨਾਸ਼ਾਹੀ ਅਤੇ ਨਾਲਾਇਕੀ ਕਾਰਣ ਸਾਥ ਛੱਡ ਕੇ ਜਾ ਚੁੱਕੇ ਹਨ ਝੀਂਡਾ ਅੱਜ ਭ੍ਰਿਸ਼ਟ ਕਰਮਚਾਰੀਆਂ ਚਾਪਲੂਸਾਂ ਨਾਲ ਘਿਰਿਆ ਹੋਇਆ ਹੈ ਅਤੇ ਸਮਝਦਾਰ ਸੰਘਰਸ਼ੀ ਪੰਥਕ ਵਿਦਵਾਨ ਲੋਕਾਂ ਦਾ ਸਾਥ ਛੱਡ ਚੁੱਕਾ ਹੈ ਇਸ ਲਈ ਝੀਂਡਾ ਨੂੰ ਪ੍ਰਧਾਨ ਪਦ ਉੱਤੇ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ ਹੈ ਅਤੇ ਜਗਦੀਸ਼ ਸਿੰਘ ਝੀਂਡਾ ਪ੍ਰਧਾਨਗੀ ਪਦ ਤੋਂ ਤੁਰੰਤ ਅਸਤੀਫ਼ਾ ਦੇਵੇ ਤਾਂ ਕੇ ਹਰਿਆਣਾ ਕਮੇਟੀ ਸਹੀ ਤਰੀਕੇ ਨਾਲ ਕੰਮ ਕਾਰ ਕਰ ਸਕੇ। ••



ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੇ ਕਾਲ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਦੁੱਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ

## ਸਵ: ਸਰਦਾਰਨੀ ਹਰਜਿੰਦਰ ਕੌਰ ਜੀ

ਧਰਮਪਤਨੀ ਬਾਬਾ ਸੁਖਵੰਤ ਸਿੰਘ ਚੰਨਣਕੇ

ਮਿਤੀ: 30.11.2025 ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦਿਆਂ ਅਕਾਲ ਪੁਰਖ ਵਾਹਿਗੁਰੂ ਦੇ ਹੁਕਮ ਅਨੁਸਾਰ ਪ੍ਰਲੋਕ ਗਮਨ ਕਰ ਗਏ ਹਨ। ਉਹਨਾਂ ਦੀ ਆਤਮਿਕ ਸ਼ਾਂਤੀ ਨਮਿੱਤ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦਾ ਭੋਗ ਉਹਨਾਂ ਦੇ ਗ੍ਰਿਹ ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਪਵੇਗਾ।

ਉਪਰੰਤ ਅੰਤਿਮ ਅਰਦਾਸ ਅਤੇ ਕਥਾ-ਕੀਰਤਨ 11 ਤੋਂ 1 ਵਜੇ ਤੱਕ

## ਮਿਤੀ 9 ਦਸੰਬਰ 2025, ਦਿਨ ਮੰਗਲਵਾਰ ਨੂੰ

## ਗੁਰਦੁਆਰਾ ਸਾਹਿਬ ਬਾਬਾ ਚੰਨਣ ਜੀ

## ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਹੋਵੇਗੀ।

ਆਪ ਜੀ ਨੇ ਅੰਤਿਮ ਅਰਦਾਸ 'ਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵਾਹਿਗੁਰੂ ਦੇ ਭਾਣੇ 'ਚ

ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸਮੂਹ ਪਰਿਵਾਰ

ਮੋ: 99886-02656, 98782-12416, 98145-61418, 98155-06439

## ਪਠਲਾਵਾ ਸੰਸਥਾ ਦੇ ਬਾਨੀ ਸਰਪ੍ਰਸਤ ਸਵ. ਸ੍ਰ ਮਹਿੰਦਰ ਸਿੰਘ ਵਾਰੀਆ ਜੀ ਦੀ

# ਪੰਦਰਵੀਂ ਬਰਸੀ 'ਤੇ ਗੁਰਮਤਿ ਸਮਾਗਮ ਆਯੋਜਿਤ

















ਉੱਘੇ ਸਮਾਜ ਸੇਵੀ, ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਬਾਨੀ ਸਰਪ੍ਰਸਤ ਸਵ ਸ ਮਹਿੰਦਰ ਸਿੰਘ ਵਾਰੀਆ ਜੀ ਦੀ ਪੰਦਰਵੀ ਬਰਸੀ ਸਮੂਹ ਵਾਰੀਆ ਪਰਿਵਾਰ,ਅਤੇ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ ਸਾਂਝੇ ਤੌਰ ਤੇ ਮਨਾਉਣ ਹਿੱਤ ਗੁਰਮਤਿ ਸਮਾਗਮ ਕਰਵਾਇਆ ਗਿਆ। ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਭਾਈ ਸਹਿਬ ਭਾਈ ਅਮਰੀਕ ਸਿੰਘ ,ਭਾਈ ਹਰਦੀਪ ਸਿੰਘ ਅਤੇ ਭਾਈ ਦਲਜਿੰਦਰ ਸਿੰਘ ਝਿੱਕਾ ਦੇ ਜਥੇ ਵਲੋਂ ਗੁਰਬਾਣੀ ਦਾ ਮਨੋਹਰ ਕੀਰਤਨ ਸਰਵਣ ਕਰਵਾਇਆ ਗਿਆ , ਉਪਰੰਤ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਐਸ ਜੀ ਪੀ ਸੀ,ਅਤੇ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ ਵਲੋਂ ਗੁਰਮਿਤ ਦੀ ਸਾਂਝ ਪਾਉਂਦਿਆਂ ਸਵ ਸ ਮਹਿੰਦਰ ਸਿੰਘ ਵਾਰੀਆ ਜੀ ਵਲੋਂ ਕੀਤੇ ਸਮਾਜ ਸੇਵੀ ਕਾਰਜਾਂ ਦੀ ਗੱਲ ਕਰਦਿਆਂ ਆਖਿਆ ਕਿ ਇਨਸਾਨੀਅਤ ਦੀ ਸੇਵਾ ਭਾਗਾਂ ਵਾਲਿਆਂ ਨੂੰ ਮਿਲਦੀ ਹੈ। ਸੰਸਥਾ ਦੇ ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਅਤੇ ਲੈਕਚਰਾਰ ਤਰਸੇਮ ਪਠਲਾਵਾ ਮੁੱਖ ਬੁਲਾਰੇ ਸੰਸਥਾ ਵਲੋਂ ਸਵ ਸ ਮਹਿੰਦਰ ਸਿੰਘ ਵਾਰੀਆ ਨੂੰ ਯਾਦ ਕਰਦਿਆਂ ਆਖਿਆ ਲੋਕ ਸੇਵਾ ਦਾ ਜ਼ਜ਼ਬਾ ਅਤੇ ਇਨਸਾਨੀਅਤ ਪ੍ਰਤੀ ਸਮਰਪਿਤ ਦੀ ਭਾਵਨਾ ਉਹਨਾਂ ਵਿਚ ਮਣਾਮੂਈ ਭਰੀ ਹੋਈ ਸੀ। ਬੁਲਾਰਿਆਂ ਨੇਂ ਆਖਿਆ ਕਿ ਤੇਰਾ ਸਾਲਾਂ ਦੇ ਸਮੇਂ ਵਿਚ ਸ ਵਾਰੀਆ ਵਲੋਂ ਬਤੌਰ ਸਰਪ੍ਰਸਤ ਦੀ ਜ਼ਿਮੇਂਦਾਰੀ ਨੂੰ ਬੂਹਤ ਹੀ ਸਫ਼ਲਤਾਪੂਰਵਕ ਲਿਹਾਜ਼ ਨਾਲ ਨੇਪਰੇ ਚਾੜ੍ਹਿਆ। ਇਸ ਅਵਸਰ ਤੇ ਯੂਨੀਕ ਹੋਮ ਜਲੰਧਰ ਦੇ ਮੁੱਖ ਸੰਚਾਲਿਕ ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ ਅਤੇ ਭਾਈ ਘਨ੍ਹਈਆ ਜੀ ਚੈਰੀਟੇਬਲ ਟਰੱਸਟ ਜਲੰਧਰ ਦੇ ਟਰੱਸਟੀਆਂ ਦਾ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਡੇਰਾ ਬਾਬਾ ਨਾਨਕ ਜ਼ਿਲਾ ਗੁਰਦਾਸਪੁਰ ਵਿਖੇ ਹੜਾਂ ਦੀ ਤ੍ਰਾਸਦੀ ਨਾਲ ਜੂਝਦੇ ਲੋਕਾਂ ਦੀ ਜ਼ਿੰਦਗੀਆ ਨੂੰ ਬਚਾਉਣ, ਭੁੱਖੇ ਪਿਆਸੇ ਲੋਕਾਂ ਨੂੰ ਰਾਸ਼ਣ ਪੁਚਾਉਣ ਅਤੇ ਗਰੀਬ ਪਰਿਵਾਰਾਂ ਦੇ ਢੱਠੇ ਮਕਾਨਾਂ ਨੂੰ ਬਨਾਉਣ ਵਿਚ ਸੰਸਥਾ ਲਈ ਸਹਿਯੋਗ ਕਰਨ ਵਾਲੇ ਸ ਜਤਿੰਦਰ ਸਿੰਘ ਲਾਡੀ,ਲਾਡੀ ਗਰੁੱਪ ,ਸਭ ਦਾ ਭਲਾ ਚੈਰੀਟੇਬਲ ਹਸਪਤਾਲ ਸ਼ਿਕਾਰ ਮਾਛੀਆਂ ਦਾ ਵੀ ਸੰਸਥਾ ਵਲੋਂ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਸ ਸਤਨਾਮ ਸਿੰਘ ਆਸਟ੍ਰੇਲੀਆ ਅਤੇ ਇਸ ਸਤਨਾਮ ਸਿੰਘ ਸੁਜੋਂ ਨੂੰ ਵੀ ਇਨਸਾਨੀਅਤ ਦੇ ਭਲੇ ਲਈ ਕੰਮ ਕਰਨ ਤੇ ਸਨਮਾਨਿਤ ਕੀਤਾ ਗਿਆ ਇਸ ਅਵਸਰ ਤੇ ਸਿਖ ਬੁਧੀਜੀਵੀ ਤੇ ਲੇਖਕ ਸ ਗੁਰਵੀਰ ਸਿੰਘ ਬਰਾੜ ਸਪੁੱਤਰ ਸ ਗੁਰਦੇਵ ਸਿੰਘ ਬਰਾੜ ਸਾਬਕਾ ਆਈ ਏ ਐਸ ਨੂੰ ਵੀ ਸਨਮਾਨਿਤ ਕੀਤਾ ਗਿਆ ਹੋਰਨਾ ਤੋ ਇਲਾਵਾ ਸੰਸਥਾ ਦੇ ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਉਪ ਚੇਅਰਮੈਨ ਸ ਅਮਰਜੀਤ ਸਿੰਘ ਸੂਰਾਪੁਰ, ਸੰਦੀਪ ਕੁਮਾਰ ਗੌੜ ਪ੍ਰੋ ਚਰਨਜੀਤ ਸਿੰਘ ਪੋਸੀ,ਉਪ ਪ੍ਰਧਾਨ ਸ੍ਰੀ ਸਤੀਸ਼ ਕੁਮਾਰ ਐਮਾਂ ਜਟਾਂ,ਮਾਂ ਰਮੇਸ਼ ਕੁਮਾਰ ਪਠਲਾਵਾ,ਡਾ ਕੁਲਦੀਪ ਰਾਜ ਬੰਗਾ, ਸ ਗੁਰਦੇਵ ਸਿੰਘ ਬੰਗਾ ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਪ੍ਰੈਸ ਸਕੱਤਰ ਮਾ ਸੁਰਿੰਦਰ ਸਿੰਘ ਕਰਮ,ਜੀ ਚੰਨੀ ਪਠਲਾਵਾ,ਸ ਸੇਵਾ ਸਿੰਘ ਪਠਲਾਵਾ , ਕੈਂਪ ਜੋਗਾ ਸਿੰਘ,ਡਾ ਮਾਨਵਦੀਪ ਸਿੰਘ ਬੈਂਸ ,ਡਾ ਪਰਮਿੰਦਰ ਸਿੰਘ ਵਾਰੀਆ, ਕੁਲਦੀਪ ਸਿੰਘ ਪੀਜ਼ਾ ਹੌਟ ਸ ਦਿਲਾਵਰ ਸਿੰਘ ਬੈਂਸ ਸਰਪੰਚ ਪਠਲਾਵਾ, ਸਾਬਕਾ ਸਰਪੰਚ ਸ ਹਰਪਾਲ ਸਿੰਘ,ਸ ਅਵਤਾਰ ਸਿੰਘ ਸਾਬਕਾ ਸਰਪੰਚ ਪਠਲਾਵਾ,ਸ ਜਗਤ ਵਿਚ ਸਾਬਕਾ ਸਰਪੰਚ ਪਠਲਾਵਾ ,ਕੈਪ ਹਰਵੇਲ ਸਿੰਘ ਪਠਲਾਵਾ ਸ ਪ੍ਰਮਜੀਤ ਸਿੰਘ ਝਿੱਕਾ ਸਭ ਇੰਸਪੈਕਟਰ ਪੰਜਾਬ ਪੁਲਿਸ , ਰਜਿੰਦਰ ਸਿੰਘ ਜਿੰਦਾ, ਕੁਲਵਿੰਦਰ ਸਿੰਘ ਲਾਲੀ ਪਠਲਾਵਾ ਇਸਤਰੀ ਵਿੰਗ ਦੇ ਚੇਅਰਪਰਸਨ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ, ਸ੍ਰੀਮਤੀ ਰੇਸ਼ਮ ਕੌਰ ਪੋਸੀ,ਮੈਡਮ ਕਮਲਜੀਤ ਕੌਰ ਐਮਾਂ ਜਟਾਂ, ਮੈਡਮ ਲਖਵਿੰਦਰ ਕੌਰ ਪਠਲਾਵਾ, ਮੈਡਮ ਬਲਵਿੰਦਰ ਕੌਰ ਪਠਲਾਵਾ, ਮੈਡਮ ਸਾਰਿਕਾ ਸੋਨੀ ਸੁਜੋਂ ਲੈਕਚਰਾਰ ਅਸ਼ੋਕ ਕੁਮਾਰ ਸ਼ਰਮਾ ਹਾਜਿਰ ਸਨ।

**-ਵਿਸ਼ੇਸ਼ ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਹਲਕੇ ਦੇ ਵਿਕਾਸ ਕਾਰਜਾਂ 'ਚ ਤੇਜੀ ਲਿਉਣ ਲਈ ਆਪ ਉਮੀਦਵਾਰਾਂ ਦੀ ਜਿੱਤ ਜਰੂਰੀ-ਤਲਬੀਰ ਗਿੱਲ

# ਜਿਲ੍ਹਾ ਪ੍ਰੀਸ਼ਦ ਉਮੀਦਵਾਰ ਜਸਵੰਤ ਨੰਗਲ ਪੰਨਵਾ ਦੇ ਹੱਕ 'ਚ ਕੀਤਾ ਵਿਸ਼ਾਲ ਚੋਣ ਜਲਸਾ



ਚੌਂਕ ਮਹਿਤਾ, 7 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)– ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਨੂੰ ਲੈ ਕੇ ਮਜੀਠਾ ਹਲਕੇ ਵਿੱਚ ਵੱਖ–ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਜਿੱਥੇ ਤੇਜ਼ੀ ਨਾਲ ਪ੍ਰਚਾਰ ਕੀਤਾ ਜਾ ਰਿਹਾ ਹੈ, ਉੱਥੇ ਹੀ ਅੱਜ ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਪਰਿਸ਼ਦ ਦੇ ਉਮੀਦਵਾਰ ਜਸਵੰਤ ਸਿੰਘ ਨੰਗਲ ਪਨਵਾ ਅਤੇ ਆਪ ਦੇ ਹੋਰ ਉਮੀਦਵਾਰਾਂ ਦੇ ਹੱਕ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਵਿੱਚ ਕਰਨ ਪੈਲਸ ਮਜੀਠਾ ਵਿਖੇ ਇੱਕ ਵਿਸ਼ਾਲ ਚੋਣ ਜਲਸਾ ਕਰਵਾਇਆ ਗਿਆ, ਜਿਸ ਨੂੰ ਗਿੱਲ ਸਮੇਤ ਹਰਭਪਿੰਦਰ ਸਿੰਘ ਸ਼ਾਹ, ਸਤਿੰਦਰਸਿੰਘ ਸ਼ਾਹ, ਅਨੂਪ ਸਿੰਘ ਸੰਧੂ, ਜਸਵੰਤ ਸਿੰਘ ਨੰਗਲ ਪੰਨਵਾ ਸਮੇਤ ਹੋਰ ਕਈ ਸੀਨੀਅਰ ਆਪ ਆਗੂਆਂ ਨੇ ਵੀ ਸੰਬੋਧਨ ਕੀਤਾ। ਇਸ ਚੋਣ ਜਲਸੇ ਵਿੱਚ ਸ਼ਾਮਲ ਵਿੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਤਲਬੀਰ ਸਿੰਘ ਗਿੱਲ ਨੇ ਆਪਣੇ ਸੰਬੋਧਨ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਵੋਟਾਂ ਦੀ ਅਪੀਲ ਕਰਦਿਆਂ ਕਿਹਾ ਕਿ ਮੌਜੂਦਾ ਆਪਸਰਕਾਰ ਵੱਲੋਂ ਪੰਜਾਬ ਭਰ ਵਿੱਚ ਰਿਕਾਰਡ ਤੋੜ ਵਿਕਾਸ ਕਰਵਾਇਆ ਜਾ ਰਿਹਾ ਹੈ, ਜਦਕਿ ਪਹਿਲਾਂ ਰਹੀਆਂ ਰਵਾਇਤੀ ਪਾਰਟੀਆਂ ਨੇ ਲੋਕਾਂ ਨੂੰ ਸਿਰਫ਼ ਝੂਠੇ ਸੁਪਨੇ ਹੀ ਦਿਖਾਏ। ਉਨ੍ਹਾਂ ਕਿਹਾ ਕਿ ਮਜੀਠਾ ਹਲਕੇ ਵਿੱਚ ਲਗਭਗ ਸਾਰੀਆਂ ਸੜਕਾਂ ਦਾ ਕੰਮ ਜੰਗੀ ਪੱਧਰ ਤੇ ਚੱਲ ਰਿਹਾ ਹੈ, ਕਈ ਸੜਕਾਂ ਬਣ ਚੁੱਕੀਆਂ ਹਨ ਅਤੇ ਬਾਕੀ ਰਹਿੰਦੀਆਂ ਵੀ ਜਲਦ ਤਿਆਰ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਨੌਜਵਾਨਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਨੌਜੁਆਨਾ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ 30 ਤੋਂ ਵੱਧ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਆਪ ਸਰਕਾਰ ਦੀ ਬਦੌਲਤ ਲੋਕਾਂ ਨੂੰ ਮੁਫ਼ਤ ਬਿਜਲੀ ਸੇਵਾਵਾਂ ਦਾ ਵੱਡਾ ਲਾਭ ਮਿਲ ਰਿਹਾ ਹੈ। ਤਲਬੀਰ ਗਿੱਲ ਨੇ ਭਰੋਸਾ ਜਤਾਇਆ ਕਿ ਇਨ੍ਹਾਂ ਸਾਰੇ ਕੰਮਾਂ ਦੇ ਆਧਾਰ ਤੇ ਲੋਕ ਆਉਣ ਵਾਲੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਰਿਕਾਰਡ ਤੋੜ ਵੋਟਾਂ ਨਾਲ ਜਿਤਾਉਣਗੇ। ਇਸ ਮੌਕੇ ਉਕਤ ਤੋ ਇਲਾਵਾ ਸਰਪੰਚ ਚਰਨਜੀਤ ਸਿੰਘ ਵਡਾਲਾ, ਸਰਪੰਚ ਜਸਵੰਤ ਸਿੰਘ ਵੀਰਮ, ਸਰਪੰਚ ਸੁਖਚੈਲ ਸਿੰਘ ਸੁੱਖ ਭੰਗਵਾਂ, ਸਰਪੰਚ ਰਾਝਾ ਭੋਮਾਂ, ਸਾਬਕਾ ਸਰਪੰਚ ਸੁਖਚੈਨ ਸਿੰਘ ਭੋਮਾਂ, ਮਾਹਣ ਸਿੰਘ ਸਾਬਕਾ ਸਰਪੰਚ, ਜਸਵੰਤ ਸਿੰਘ ਵੀਰਮ, ਸਰਪੰਚ ਮਨਪ੍ਰੀਤ ਸਿੰਘ ਅਨਾਂਇਤਪੁਰ,ਅਮਰਜੀਤ ਮਜੀਠਾ ਵਾਇਸ ਪ੍ਰਧਾਨ, ਲਾਲੀ ਮਜੀਠਾ ਦਿਹਾਤੀ, ਰਜੇਸ਼ ਕੁਮਾਰ ਲਾਟੀ ਮਜੀਠਾ, ਸਰਪੰਚ ਰਾਜ ਕੁਮਾਰ, ਸਰੰਪਚ ਗੁਰਮੇਲ ਸਿੰਘ, ਸਰਪੰਚ ਡਾ ਕੁਲਬੀਰ ਸਿੰਘ ਰੱਖ ਭੰਗਵਾਂ ਸਮੇਤ ਹੋਰ ਵੀ ਬਹੁਤ ਸਾਰੇ ਵਰਕਰ ਹਾਜਰ ਸਨ।

### ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ

# ਵੱਖ-ਵੱਖ ਧਾਰਮਿਕ ਮੁਕਾਬਲਿਆਂ ਵਿੱਚ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਚੌਂਕ ਮਹਿਤਾ,7 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਸਕੂਲ ਮਹਿਤਾ ਦੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਵੱਖ–ਵੱਖ ਸਕੂਲਾਂ ਜਿਵੇਂ ਸੰਤ ਬਾਬਾ ਨੱਥਾ ਸਿੰਘ ਜੀ ਮੈਮੋਰੀਅਲ ਪਬਲਿਕ ਸੀਨੀਅਰ ਸੈਕੈਂਡਰੀ ਸਕੂਲ, ਐਸਐਸਐਸ ਗਲੋਬਲ ਸਕੂਲ ਬੁਤਾਲਾ ਅਤੇ ਦਮਦਮੀ ਟਕਸਾਲ ਰਣਜੀਤ ਅਖਾੜਾ ਵਡਾਲਾ ਗ੍ਰੰਥੀਆਂ ਗੁਰਦਾਸਪੁਰ ਤੇ ਕਰਵਾਏ ਗਏ ਧਾਰਮਿਕ ਮੁਕਾਬਲਿਆਂ ਵਿੱਚ ਹਿੱਸਾ ਲਿਆ ।ਜਿਸ ਵਿੱਚ ਕਵੀਸ਼ਰੀ, ਕੀਰਤਨ, ਗੁਰਬਾਣੀ ਕੰਠ ਤੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ ।ਕਵੀਸ਼ਰੀ ਵਿੱਚ ਗੁਰਨੂਰ ਸਿੰਘ, ਜੰਗਬੀਰ ਸਿੰਘ ,ਅਰਮਾਨਦੀਪ ਸਿੰਘ, ਕੀਰਤਨ ਵਿੱਚ ਹਰਮਨਪ੍ਰੀਤ ਸਿੰਘ, ਮਨਦੀਪ ਸਿੰਘ,ਗੁਰਜੰਟ ਸਿੰਘ,ਸਿਮਰਨਜੀਤ ਸਿੰਘ, ਗੁਰਸ਼ਰਨਜੀਤ ਸਿੰਘ,ਹਰਮਨਪ੍ਰੀਤ ਸਿੰਘ,ਮਨਦੀਪ ਸਿੰਘ ਗੁਰਬਾਣੀ ਕੰਠ ਵਿੱਚ ਜਸ਼ਨਦੀਪ ਸਿੰਘ ,ਦਸਤਾਰ ਮੁਕਾਬਲੇ ਵਿੱਚ ਅਨਮੋਲਦੀਪ ਸਿੰਘ ਅਤੇ ਕੀਰਤਨ ਸੋਲੋ ਵਿੱਚ ਗੁਰਸ਼ਰਨਜੀਤ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਅਤੇ ਸਮੂਹ ਸਟਾਫ ਵੱਲੋਂ ਸਕੂਲ ਪਹੁੰਚਣ ਤੇ ਜੇਤੂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਉਹਨਾਂ ਦੀ ਹੌਂਸਲਾ ਅਫ਼ਜਾਈ ਕਰਦੇ ਹੋਏ ਉਹਨਾਂ ਨੂੰ ਮੈਡਲ,ਸੀਲਡ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਤੇ ਇਸੇ ਤਰ੍ਹਾਂ ਭਵਿੱਖ ਵਿੱਚ ਵੀ ਮਿਹਨਤ ਕਰਦੇ ਹੋਏ ਨਵੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਐਵੋਨਲੀ ਯੂਨੀਵਰਸਿਟੀ ਵੱਲੋਂ ਐਂਗਰੀ ਮੈਨ ਪੰਮਾ ਨੂੰ ਡਾਕਟਰੇਟ ਦੀ ਉਪਾਧੀ ਨਾਲ ਕੀਤਾ ਗਿਆ ਸਨਮਾਨਿਤ



**ਨਵੀਂ ਦਿੱਲੀ 7 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਦੇ ਪੱਛਮੀ ਵਿਹਾਰ ਸਥਿਤ ਭਾਰਤੀ ਵਿਦਿਆਪੀਠ ਸੰਸਥਾਨ ਵਿਖੇ ਆਯੋਜਿਤ ਇੱਕ ਸ਼ਾਨਦਾਰ ਸਮਾਰੋਹ ਵਿੱਚ, ਐਵੋਨਲੀ ਯੂਨੀਵਰਸਿਟੀ ਨੇ ਐਂਗਰੀ ਮੈਨ ਅਤੇ ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੂੰ ਆਨਰੇਰੀ ਡਾਕਟਰੇਟ ਦੀ ਡਿਗਰੀ ਪ੍ਰਦਾਨ ਕੀਤੀ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਰਾਜੇਸ਼ ਚੌਹਾਨ ਅਤੇ ਰਜਿਸਟਰਾਰ ਭਾਵਨਾ ਧਵਨ ਦੀ ਅਗਵਾਈ ਵਿੱਚ ਹੋਏ ਇਸ ਸਮਾਰੋਹ ਦੀ ਸ਼ੁਰੂਆਤ ਦੀਵਾ ਜਗਾਉਣ ਨਾਲ ਹੋਈ। ਮੁੱਖ ਮਹਿਮਾਨ ਜਸਟਿਸ ਰਜਨੀਸ਼ ਭਟਨਾਗਰ, ਮੈਜਿਸਟਰੇਟ ਰਵਿੰਦਰ ਕੁਮਾਰ ਪਾਹੂਜਾ ਅਤੇ ਪ੍ਰੋਫੈਸਰ ਡਾ. ਐਮ.ਐਨ. ਹੋਂਡਾ ਮੌਜੂਦ ਸਨ। ਪਰਮਜੀਤ ਸਿੰਘ ਪੰਮਾ ਨੂੰ ਡਾਕਟਰੇਟ ਦੀ ਡਿਗਰੀ ਪ੍ਰਦਾਨ ਕਰਦੇ ਹੋਏ, ਉਨ੍ਹਾਂ ਨੇ ਉਨ੍ਹਾਂ ਦੇ ਲੰਬੇ ਸਮੇਂ ਤੋਂ ਚੱਲ ਰਹੇ ਸਮਾਜਿਕ ਯੋਗਦਾਨ ਦੀ ਸ਼ਲਾਘਾ ਕੀਤੀ। ਪੰਮਾ ਨੂੰ ਪਹਿਲਾਂ ਵੀ ਕਈ ਰਾਸ਼ਟਰੀ ਸਨਮਾਨ ਮਿਲ ਚੁੱਕੇ ਹਨ, ਜਿਨ੍ਹਾਂ ਵਿੱਚ ਐਂਗਰੀ ਮੈਨ ਅਵਾਰਡ ਵੀ ਸ਼ਾਮਲ ਹੈ। ਸਮਾਰੋਹ ਦੌਰਾਨ, ਯੂਨੀਵਰਸਿਟੀ ਵੱਲੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ। ਮੁੱਖ ਮਹਿਮਾਨ ਡਾ. ਅਜੇ ਕੁਮਾਰ, ਆਰ. ਪੀ. ਤੁਲਸੀਆਨ, ਰਾਹੁਲ ਜਿੰਦਲ, ਸੰਜੇ ਸਿੰਗਲਾ, ਸੁਭਾਸ਼ ਗਿਰੀ ਅਤੇ ਐਡਵੋਕੇਟ ਅਨਿਲ ਖਟੂਰੀਆ ਮੌਜੂਦ ਸਨ ਜਿਨ੍ਹਾਂ ਨੇ ਸਟੇਜ 'ਤੇ ਮੌਜੂਦ ਬੱਚਿਆਂ ਦਾ ਹੌਸਲਾ ਵਧਾਇਆ। ਮਨੋਰੰਜਨ ਸੈਸ਼ਨ ਵਿੱਚ, ਗਾਇਕ ਆਸ਼ੂ ਪੰਜਾਬੀ ਦੀ ਸ਼ਾਨਦਾਰ ਪੇਸ਼ਕਾਰੀ ਅਤੇ ਬੱਚਿਆਂ ਦੇ ਮਨਮੋਹਕ ਨਾਚ ਪ੍ਰਦਰਸ਼ਨ ਨੇ ਸਮਾਗਮ ਦੀ ਸ਼ਾਨ ਨੂੰ ਹੋਰ ਵਧਾ ਦਿੱਤਾ। ਅੰਤ ਵਿੱਚ, ਸਾਰੇ ਮਹਿਮਾਨਾਂ ਨੇ ਐਵੋਨਲੀ ਯੂਨੀਵਰਸਿਟੀ ਦੁਆਰਾ ਆਯੋਜਿਤ ਇਸ ਸਮਾਗਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਸਮਾਗਮ ਨਾ ਸਿਰਫ਼ ਪ੍ਰਤਿਭਾਵਾਂ ਦਾ ਸਨਮਾਨ ਕਰਦੇ ਹਨ ਬਲਕਿ ਉਨ੍ਹਾਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਲਿਜਾਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਹਰਜਿੰਦਰ ਸਿੰਘ ਕਾਂਝਲਾ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਚੋਣ ਮੁਹਿੰਮ ਨੂੰ ਭਖਾਇਆ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਜਿਲਾ ਪਰਿਸ਼ਦ ਜੋਨ ਬਾਲੀਆ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਜਿੰਦਰ ਸਿੰਘ ਕਾਂਝਲਾ ਨੇ ਆਪਣੇ ਕਾਫਲੇ ਸਮੇਤ ਪਿੰਡ ਕੱਕੜਵਾਲ, ਪੇਧਨੀ, ਪੁੰਨਾਵਾਲ, ਰਣੀਕੇ, ਮੂਲੋਵਾਲ, ਅਲਾਲ ,ਸੁਲਤਾਨਪੁਰ, ਰੰਗੀਆਂ, ਬੁਗਰਾ, ਰਾਜੋਮਾਜਰਾ ਆਦਿ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਆਪ ਉਮੀਦਵਾਰ ਹਰਜਿੰਦਰ ਸਿੰਘ ਕਾਂਝਲਾ ਨੇ ਵੱਡੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਹੋ ਰਹੀਆਂ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ 14 ਦਸੰਬਰ ਨੂੰ ਵੋਟਾਂ ਪਾ ਕੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਮਾਨ ਦੇ ਹੱਥ ਮਜਬੂਤ ਕਰੋ। ਇਸ ਮੌਕੇ ਸਰਪੰਚ ਜਗਜੀਤ ਸਿੰਘ ਕੱਕੜਵਾਲ ਸਰਪੰਚ ਮੱਖਣ ਸਿੰਘ ਪੇਧਨੀ ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਕੁਲਦੀਪ ਕਲੇਰ, ਸੁਰਜੀਤ ਸਿੰਘ ਪੰਚ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ, ਬੂਟਾ ਸੁਲਤਾਨਪੁਰ, ਅੰਮ੍ਰਿਤ ਰੰਗੀਆਂ, ਸਿਕੰਦਰ ਘਨੌਰ, ਡੀਸੀ ਘਨੌਰ, ਕੁਲਵਿੰਦਰ ਸਿੰਘ ਸਿੱਧੂ ਸਮਾਜ ਸੇਵੀ,ਪਰਮਜੀਤ ਸਿੰਘ ਕਾਂਝਲਾ, ਸ:ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਗੁਰਜੀਤ ਸਿੰਘ ਕਿਲਾ ਹਕੀਮਾਂ, ਨੰਬਰਦਾਰ ਦਵਿੰਦਰ ਸਿੰਘ, ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖਾਂ ਦੀ

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਰਵ ਧਰਮ ਸੰਮੇਲਣ




**ਨਵੀਂ ਦਿੱਲੀ, 7 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੀ ਗੁਰੂ ਗ੍ਰੰਥ ਸਾਹਿਬ ਸਰਵ ਧਰਮ ਸੇਵਾ ਸਮਿਤੀ ਦੇ ਮੁੱਖੀ ਭਾਈ ਪ੍ਰਿਤਪਾਲ ਸਿੰਘ ਚਾਵਲਾ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖ ਭਾਈ ਸਤੀਦਾਸ ਜੀ, ਭਾਈ ਮਤੀਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਇਕ ਸਰਵ ਧਰਮ ਸੰਮੇਲਣ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਯੂਨੀਵਰਸਿਟੀ ਸੂਰਜਮਲ ਵਿਹਾਰ ਵਿਖ਼ੇ ਕਰਵਾਇਆ ਗਿਆ ।ਇਸ ਵਿਚ ਵੱਖ ਵੱਖ ਧਰਮਾਂ ਦੇ ਆਗੂਆਂ ਨੇ ਹਾਜ਼ਿਰੀ ਭਰ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਸਨ ।ਪ੍ਰੋਗਰਾਮ ਦੀ ਸ਼ੁਰੂਆਤ ਬੀਬੀਆਂ ਵਲੋਂ ਜਪੁਜੀ ਸਾਹਿਬ, ਸਲੋਕ ਮਹੱਲਾ 9ਵੇਂ ਪਾਠ ਨਾਲ ਕੀਤੀ ਗਈ ਉਪਰੰਤ ਹਾਜਿਰ ਬੁਲਾਰਿਆ ਨੇ ਆਪਣੇ ਵਿਚਾਰਾਂ ਦੀ ਸਾਂਝ ਪਾਈ ਸੀ ।ਪਦਮ ਸ਼੍ਰੀ ਗੁਰਮੀਤ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੇ ਰੱਖਿਆ ਲਈ ਦੁਨੀਆਂ ਦੀ ਸਭ ਤੋਂ ਪਹਿਲੀ ਆਵਾਜ਼ ਸਾਹਿਬ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਚੁਕੀ ਸੀ ।ਮੁਸਲਮਾਨ ਆਗੂ ਡਾਕਟਰ ਇਮਾਮ ਉਮਰ ਇਲਆਸੀ ਨੇ ਨਵੰਬਰ 1984 ਵਿਚ ਕੀਤੇ ਗਏ ਸਿੱਖਾਂ ਦੇ ਕਤਲੇਆਮ ਬਾਰੇ ਕਿਹਾ ਕਿ ਇਹ ਕਤਲੇਆਮ ਕਰਣ ਵਾਲੇ ਸ਼ੈਤਾਨ ਸਨ ਤੇ ਉਨ੍ਹਾਂ ਦਿਨਾਂ ਵਿਚ ਜੋ ਹਾਲਾਤ ਦੇਖੇ ਸਨ ਓਸ ਨੂੰ ਯਾਦ ਕਰਦਿਆਂ ਅੱਜ ਵੀਂ ਰੋਂਗਟੇ ਖੜੇ ਹੋ ਜਾਂਦੇ ਹਨ ।ਉਨ੍ਹਾਂ ਕਿਹਾ ਜਦੋ ਹਰ ਧਰਮ ਇਨਸਾਨੀਅਤ ਦੀ ਗੱਲ ਕਰਦਾ ਹੈ ਫਿਰ ਇਸ ਤਰ੍ਹਾਂ ਦਾ ਭੇਦਭਾਵ ਕਿਉਂ..? ਮੰਜੂ ਕੁਰੇਸੀ ਨੇ ਕਿਹਾ ਕਿ ਤੁਹਾਡੇ ਜੈਕਾਰੇ ਮੁਗਲ ਧਰਮ ਦੀ ਹੀ ਨਹੀਂ ਸਗੋਂ ਹਰ ਸਰਕਾਰ ਦੀਆਂ ਜੜਾਂ ਹਿਲਾਣ ਦਾ ਦਮ ਰੱਖਦੇ ਹਨ ਕਿੱਥੇ ਗਿਆ ਓਹ ਜਜ਼ਬਾ..? ਉਨ੍ਹਾਂ ਕਿਹਾ ਕਿ ਸਿੱਖਾਂ ਦੇ ਨੌਵੇਂ ਅਤੇ ਦਸਵੇਂ ਪਾਤਸ਼ਾਹ ਦੀ ਗੱਲ ਕਰੀਏ ਤਾਂ ਸਾਡੇ ਲੂ ਕੰਡੇ ਅੱਜ ਵੀਂ ਖੜੇ ਹੋ ਜਾਂਦੇ ਹਨ ।ਈਸਾਈ ਧਰਮ ਵਲੋਂ ਹਾਜਿਰ ਹੋਏ ਫਾਦਰ ਆਫਿਲਾਸ਼ ਨੇ ਕਿਹਾ ਕਿ ਈਸਾਈ ਹੋਣ ਦੇ ਬਾਵਜੂਦ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਪ੍ਰਣਾਮ ਕਰਦਾ ਹਾਂ ।ਇਕਬਾਲ ਸਿੰਘ ਲਾਲਪੁਰਾ ਨੇ ਗੁਰਬਾਣੀ ਦੀ ਰੋਸ਼ਨੀ ਵਿਚ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖਾਂ ਦੀ ਸ਼ਹਾਦਤ ਬਾਰੇ ਚਾਂਨਣ ਪਾਇਆ ਸੀ ।ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਅੰਨਿਨ ਸਿੱਖਾਂ ਦੀ ਸ਼ਹਾਦਤ ਬਾਰੇ ਬਹੁਤ ਸੋਹਣੇ ਅੱਖਰਾਂ ਵਿਚ ਦਸਿਆ ਕਿ 14 ਸਾਲਾਂ ਦੀ ਉਮਰ ਵਿਚ ਮੁਗਲਾਂ ਵਿਰੁੱਧ ਹੋਏ ਯੁੱਧ ਦੌਰਾਨ ਆਪ ਜੀ ਨੇ ਐਸੀ ਬਹਾਦਰੀ ਨਾਲ ਤੇਗ ਚਲਾਈ ਕਿ ਆਪ ਦੇ ਪਿਤਾ ਹੀ ਨੇ ਆਪ ਨੂੰ ਤੇਗ ਬਹਾਦਰ ਕਹਿਣਾ ਸ਼ੁਰੂ ਕਰ ਦਿੱਤਾ।ਗੁਰੂ ਸਾਹਿਬ ਜੀ ਇੱਕ ਉੱਚੀ ਅਤੇ ਸੁੱਚੀ ਸ਼ਖਸੀਅਤ ਦੇ ਮਾਲਕ ਸਨ। ਆਪ ਜੀ ਇੱਕ ਮਹਾਨ ਚਿੰਤਕ, ਨਿਪੁੰਨ ਕਲਾਕਾਰ, ਸਮਾਜ ਸੁਧਾਰਕ ਸਨ। ਗੁਰੂ ਤੇਗ. ਬਹਾਦਰ ਜੀ ਦੀ ਸ਼ਹਾਦਤ ਭਾਰਤੀ ਇਤਿਹਾਸ ਵਿੱਚ ਇੱਕ ਵਿਲੱਖਣ ਸਥਾਨ ਰੱਖਦੀ ਹੈ। ਆਪ ਦੀ ਸ਼ਹਾਦਤ ਨੇ ਸੁੱਤੀ ਹੋਈ ਕੌਮ ਦੇ ਵਿੱਚ ਇੱਕ ਨਵੀਂ ਰੂਹ ਫੂਕ ਦਿੱਤੀ ਅਤੇ ਉਨ੍ਹਾਂ ਦੀ ਸ਼ਹਾਦਤ ਦਾ ਮੁੱਖ ਕਾਰਨ ਗੁਰਸਿੱਖੀ ਦੀ ਇਨਕਲਾਬੀ ਵਿਚਾਰਧਾਰਾ ਸੀ। ਸਟੇਜ ਸਕੱਤਰ ਦੀ ਸੇਵਾ ਦਿੱਲੀ ਕਮੇਟੀ ਮੈਂਬਰ ਜਤਿੰਦਰ ਸਿੰਘ ਸੋਨੂੰ ਨੇ ਬਾਖੂਬੀ ਨਿਭਾਈ ਸੀ ਤੇ ਪ੍ਰੋਗਰਾਮ ਦੀ ਸਮਾਪਤੀ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ ਸੀ ।ਸਰਦਾਰ ਪ੍ਰਿਤਪਾਲ ਸਿੰਘ ਚਾਵਲਾ ਨੇ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਬੁਲਾਰੇ ਅਤੇ ਸਹਿਯੋਗ ਦੇਣ ਵਾਲੇ ਸੱਜਣਾ ਨੂੰ ਸਨਮਾਨਿਤ ਕਰਣ ਦੇ ਨਾਲ ਹਾਜ਼ਿਰੀ ਭਰਣ ਵਾਲੀ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ।

## ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦਾ ਮੁੱਖ ਕਾਰਨ ਗੁਰਸਿੱਖੀ ਦੀ ਇਨਕਲਾਬੀ ਵਿਚਾਰਧਾਰਾ: ਸਰਨਾ

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪ੍ਰਾਯੋਜਿਤ "ਰਾਈਟ ਟੂ ਮੈਂਟਲ ਹੈਲਥ ਵਿਸ਼ੇ 'ਤੇ ਦੋ ਰੋਜ਼ਾ ਸੈਮੀਨਾਰ ਸਮਾਪਤ

## ਵਿਦਿਆਰਥੀ ਮਾਨਸਿਕ ਦਬਾਅ ਵਿੱਚੋਂ ਨਿਕਲ ਕੇ ਆਪਣੀ ਸ਼ਕਤੀ ਸਿਰਜਣਾਤਮਕ ਕੰਮਾਂ ਵਿੱਚ ਲਾਉਣ- ਡਾ. ਰਾਮੇਸ਼ਵਰ ਸਿੰਘ





**ਤਲਵੰਡੀ ਸਾਬੋ, 7 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪ੍ਰਾਯੋਜਿਤ "ਰਾਈਟ ਟੂ ਮੈਂਟਲ ਹੈੱਲਥ" ਵਿਸ਼ੇ 'ਤੇ ਦੋ ਰੋਜ਼ਾ ਸੈਮੀਨਾਰ ਮਾਹਿਰਾਂ ਦੇ ਵਿਚਾਰ ਵਟਾਂਦਰੇ ਅਤੇ ਇਸ ਖੇਤਰ ਵਿੱਚ ਆ ਰਹੀਆਂ ਚੁਣੌਤੀਆਂ 'ਤੇ ਉਨ੍ਹਾਂ ਵੱਲੋਂ ਦਿੱਤੇ ਸੁਝਾਵਾਂ ਨਾਲ ਸਮਾਪਤ ਹੋਇਆ। ਇਸ ਮੌਕੇ ਵੈਲਡਿਕਟਰੀ ਸੈਸ਼ਨ ਦੇ ਮੁੱਖ ਮਹਿਮਾਨ ਵਾਈਸ ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੇ ਕਿਹਾ ਕਿ ਮਾਨਸਿਕ ਸਿਹਤ ਪ੍ਰਤੀ ਲੋਕਾਂ ਨੂੰ ਆਪਣਾ ਨਜ਼ਰੀਆ ਸਕਾਰਾਤਮਕ ਕਰਨਾ ਪਵੇਗਾ। ਉਨ੍ਹਾਂ ਵਿਦਿਆਰਥੀਆਂ ਨੂੰ ਮਾਨਸਿਕ ਦਬਾਅ ਵਿੱਚੋਂ ਨਿਕਲ ਕੇ ਆਪਣੀ ਸ਼ਕਤੀ ਸਿਰਜਣਾਤਮਕ ਕੰਮਾਂ ਵਿੱਚ ਲਗਾਉਣ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਦੇ ਲਗਭਗ 80 ਪ੍ਰਤੀਸ਼ਤ ਲੋਕ ਮਾਨਸਿਕ ਸਿਹਤ ਸੇਵਾਵਾਂ ਤੋਂ ਵਾਂਝੇ ਹਨ। ਸਮਾਰੋਹ ਵਿੱਚ ਡਾ. ਪੀਯੂਸ਼ ਵਰਮਾ, ਪਰੋ. ਵਾਈਸ ਚਾਂਸਲਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਸੈਮੀਨਾਰ ਦੇ ਟੈਕਨੀਕਲ ਸੈਸ਼ਨ ਦੇ ਮੁੱਖ ਮਹਿਮਾਨ ਅਤੇ ਮੁੱਖ ਬੁਲਾਰੇ ਡਾ. ਬਾਵਾ ਸਿੰਘ, ਪ੍ਰੋਫੈਸਰ ਅੰਤਰਰਾਸ਼ਟਰੀ ਮਾਮਲੇ ਸੈਂਟਰਲ ਯੂਨੀਵਰਸਿਟੀ ਆਫ਼ ਪੰਜਾਬ, ਬਠਿੰਡਾ ਨੇ ਮਾਨਸਿਕ ਸਿਹਤ ਵਿਸ਼ੇ 'ਤੇ ਨੀਤੀ, ਵਕਾਲਤ ਅਤੇ ਭਵਿੱਖੀ ਦਿਸ਼ਾਵਾਂ ਬਾਰੇ ਵਿਚਾਰ ਰੱਖਦਿਆਂ ਕਿਹਾ ਕਿ ਲੋਕਾਂ ਨੂੰ ਮਾਨਸਿਕ ਸਿਹਤ ਪ੍ਰਤੀ ਚਰਚਾ ਕਰਨ ਦੇ ਸੰਕੋਚ ਤੋਂ ਬਾਹਰ ਨਿਕਲਣਾ ਪਵੇਗਾ ਅਤੇ ਸਰਕਾਰਾਂ ਨੂੰ ਇਸ ਲਈ ਜਾਗਰੂਕਤਾ ਅਭਿਆਨ, ਸੈਮੀਨਾਰ, ਵਰਕਸ਼ਾਪ ਆਦਿ ਆਯੋਜਿਤ ਕਰਨੀਆਂ ਚਾਹੀਦੀਆਂ ਹਨ। ਉਨ੍ਹਾਂ ਇਸ ਲਈ ਬੀਮਾ ਖੇਤਰ ਨਾਲ ਜੁੜੇ ਅਧਿਕਾਰੀਆਂ ਨੂੰ ਮਾਨਸਿਕ ਸਿਹਤ ਨੂੰ ਇਸ ਵਿੱਚ ਸ਼ਾਮਿਲ ਕਰਨ ਦੀ ਗੱਲ ਆਖੀ।ਉਨ੍ਹਾਂ ਆਕੰੜਿਆਂ ਸਹਿਤ ਦੱਸਿਆ ਕਿ ਭਾਰਤ ਵਿੱਚ ਇੱਕ ਲੱਖ ਲੋਕਾਂ ਪਿੱਛੇ 1 ਤੋਂ ਵੀ ਘੱਟ ਮਨੋਵਿਗਿਆਨੀ ਆਪਣੀਆਂ ਸੇਵਾਵਾਂ ਦੇ ਰਹੇ ਹਨ। ਉਨ੍ਹਾਂ ਸੈਮੀਨਾਰ ਲਈ ਐਨ.ਐੱਚ.ਆਰ.ਸੀ ਅਤੇ ਜੀ.ਕੇ.ਯੂ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਮਾਨਸਿਕ ਸਿਹਤ ਅਤੇ ਤਕਨਾਲੋਜੀ ਦੀ ਗੱਲ ਕਰਦਿਆਂ ਤੇ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਟੈਲੀ ਮਾਨਸ ਐਪ ਬਾਰੇ ਡਾ. ਸੰਯਮ ਗੁਪਤਾ ਸੀਨੀਅਰ ਸਲਾਹਕਾਰ ਟੈਲੀ ਮਾਨਸ ਐਪ ਪੰਜਾਬ, ਅੰਮ੍ਰਿਤਸਰ ਨੇ ਸਰੋਤਿਆਂ ਨੂੰ ਮਾਨਸ ਐਪ ਡਾਊਨਲੋਡ ਕਰਨ ਅਤੇ ਭਾਰਤ ਸਰਕਾਰ ਵੱਲੋਂ 24 ਘੰਟੇ ਮਾਨਸਿਕ ਸਲਾਹ ਤੇ ਸਹਾਇਤਾ ਦੇਣ ਵਾਲੇ ਨੰਬਰ 14416 ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਤਕਨਾਲੋਜੀ ਦੇ ਇਸਤੇਮਾਲ ਨਾਲ ਲੋੜਵੰਦ ਵਿਅਕਤੀਆਂ ਨੂੰ ਸਹਾਇਤਾ ਜਲਦੀ ਅਤੇ ਆਸਾਨੀ ਨਾਲ ਪਹੁੰਚਾਈ ਜਾ ਸਕਦੀ ਹੈ। ਉਨ੍ਹਾਂ ਇਸ ਦਿਸ਼ਾ ਵਿੱਚ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਆਨ-ਲਾਈਨ ਸੁਵਿਧਾਵਾਂ ਬਾਰੇ ਚਾਨਣਾ ਪਾਇਆ। ਮਾਨਸਿਕ ਸਿਹਤ ਮਾਹਿਰ ਅਤੇ ਮਨੋਵਿਗਿਆਨੀ ਡਾ. ਰਵਿੰਦਰ ਪੁਰੀ ਨੇ ਵਿਦਿਆਰਥੀਆਂ ਨੂੰ ਮਾਨਸਿਕ ਦਬਾਅ ਵਿੱਚੋਂ ਨਿਕਲਣ ਦੇ ਨੁਕਤੇ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਟੀਚੇ ਉੱਚੇ ਕਰਨ ਦੀ ਗੱਲ ਕਹੀ ਅਤੇ ਮਾਨਸਿਕ ਦਬਾਅ ਦੀ ਹਾਲਤ ਵਿੱਚ ਕਦੇ ਨਾਂ ਘਬਰਾਉਣ ਅਤੇ ਕੁਝ ਨਵਾਂ ਸਿਰਜਣ ਦੀ ਪ੍ਰੇਰਣਾ ਦਿੱਤੀ। ਸੈਮੀਨਾਰ ਦੇ ਕਨਵੀਨਰ ਡਾ. ਅਮਨਦੀਪ ਕੌਰ ਨੇ ਸੈਮੀਨਾਰ ਰਿਪੋਰਟ ਪੜਦਿਆਂ ਦੱਸਿਆ ਕਿ ਸੈਮੀਨਾਰ ਵਿੱਚ ਭਾਰਤ ਦੇ ਨਾਮਵਰ ਨਿਆਂ ਸ਼ਾਸਤਰੀਆਂ, ਕਾਨੂੰਨੀ ਵਿਦਵਾਨਾਂ, ਪੁਲਿਸ ਅਧਿਕਾਰੀਆਂ, ਕਰਮਚਾਰੀਆਂ ਤੋਂ ਇਲਾਵਾ ਲਗਭਗ 300 ਵਿਦਿਆਰਥੀਆਂ ਨੇ ਹਿੱਸਾ ਲਿਆ। ਨੋਡਲ ਅਫ਼ਸਰ ਡਾ. ਅਮਿਤ ਟੁਟੇਜਾ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਲਿਆਉਣ ਅਤੇ ਇਸ ਨਾਲ ਜੁੜੀਆਂ ਗਲਤਫਹਿਮੀਆਂ ਨੂੰ ਦੂਰ ਕਰਨ ਵਾਸਤੇ ਜੀ.ਕੇ.ਯੂ. ਵੱਲੋਂ ਭਵਿੱਖ ਵਿੱਚ ਹੋਰ ਸਮਾਰੋਹ, ਸੈਮੀਨਾਰ ਆਯੋਜਿਤ ਕਰਨ ਦੀ ਗੱਲ ਕਹੀ। ਮੰਚ ਸੰਚਾਲਨ ਡਾ. ਜੀਨੀਅਸ ਵਾਲੀਆ ਅਤੇ ਡਾ. ਜਯੋਤਸਨਾ ਵੱਲੋਂ ਬਾਖੂਬੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਮੀਮਸਾ ਜੋਨ ਤੋ ਰਵੀ ਈਸੜਾ ਵੱਡੇ ਮਾਰਜਨ ਨਾਲ

# ਜਿੱਤ ਪ੍ਰਾਪਤ ਕਰਨਗੇ-ਰਣਜੀਤ ਸਿੰਘ ਰੰਧਾਵਾ ਕਾਤਰੋਂ

**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਵਿਧਾਨ ਸਭਾ ਹਲਕੇ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਜ਼ਿਲ੍ਹਾ ਪ੍ਰੀਸ਼ਦ ਜੋਨ ਮੀਮਸਾ ਤੋਂ ਚੋਣ ਲੜ ਰਹੇ ਸਮਾਜ ਸੇਵੀ ਰਵੀ ਈਸੜਾ ਦੀ ਚੋਣ ਮੁਹਿਮ ਨੂੰ ਹੁੰਗਾਰਾ ਦਿੰਦਿਆਂ ਹੋਇਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਮੀਮਸਾਂ ਜੋਨ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਵੀ ਈਸੜਾ ਵੱਡੇ ਮਾਰਜਨ ਨਾਲ ਜਿੱਤ ਕੇ ਪਾਰਟੀ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਦੇ ਹੱਥ ਮਜਬੂਤ ਕਰਨਗੇ। ਉਹਨਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਨੇ ਜੋ ਬਲਾਕ ਸੰਮਤੀਆਂ ਅਤੇ ਜ਼ਿਲਾ ਪਰਿਸ਼ਦ ਚੋਣਾਂ ਵਿੱਚ ਧੱਕੇਸ਼ਾਹੀ ਕੀਤੀ ਹੈ ਇਸ ਦਾ ਜਵਾਬ 2027 ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਦਿੱਤਾ ਜਾਵੇਗਾ।

ਇਸ ਮੌਕੇ ਜਗਰੂਪ ਸਿੰਘ ਲੱਡਾ, ਨਿਰਭੈ ਸਿੰਘ, ਬਿਰਜ ਲਾਲ ਕਾਂਝਲਾ, ਦਰਸਨ ਸਿੰਘ ਕਾਂਝਲਾ, ਸਰਵਨ ਸਿੰਘ ਮੱਲੂਮਾਜਰਾ , ਡਾਕਟਰ ਜਗਜੀਤ ਸਿੰਘ ਘਨੌਰੀ, ਜਗਰੂਪ ਸਿੰਘ,ਗੋਲਡੀ ਧੂਰੀ, ਜਗਜੀਤ ਸਿੰਘ ਲੱਡਾ, ਕਰਮਜੀਤ ਸਿੰਘ ਪਲਾਸੌਰ, ਸਰਬਜੀਤ ਸਿੰਘ ਕਾਤਰੋਂ, ਦਰਸਨ ਸਿੰਘ ਵਿਰਦੀ, ਠੇਕੇਦਾਰ ਜੱਸਾ ਧੂਰੀ, ਜਗਜੀਤ ਸਿੰਘ ਲੀਲਾ ਬੁੱਗਰਾ, ਹੈਪੀ ਘਨੌਰੀ, ਗੁਰਬਖ਼ਸ਼ ਸਿੰਘ ਰੰਧਾਵਾ, ਸੂਬੇਦਾਰ ਮਣੀ ਸਿੰਘ, ਗੁਰਦਿਆਲ ਸਿੰਘ ਕਾਂਝਲਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



## ਹਫਤਾਵਾਰੀ ਗੁਰਮਤਿ ਸਮਾਗਮ ਦੌਰਾਨ

# 348 ਪ੍ਰਾਣੀਆਂ ਨੇ ਕੀਤਾ ਅੰਮ੍ਰਿਤਪਾਨ



**ਤਲਵੰਡੀ ਸਾਬੋ, 07 ਦਸੰਬਰ (ਗੁਰਜੰਟ ਸਿੰਘ ਨਥੇਹਾ)-** ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਦੌਰਾਨ ਭਾਈ ਜਗਤਾਰ ਸਿੰਘ ਹੈੱਡ ਗ੍ਰੰਥੀ, ਭਾਈ ਨਿਰਭੈ ਸਿੰਘ ਹਜ਼ੂਰੀ ਰਾਗੀ ਜਥਾ, ਭਾਈ ਗੁਰਮੀਤ ਸਿੰਘ ਮਲਕੋਂ ਪ੍ਰਚਾਰਕ, ਭਾਈ ਜੀਵਨ ਸਿੰਘ ਘਰਾਚੋਂ ਕਵੀਸ਼ਰੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਸੁਣਾ ਕਿ ਨਿਹਾਲ ਕੀਤਾ। ਪੰਜ ਪਿਆਰੇ ਸਹਿਬਾਨਾਂ ਵੱਲੋਂ ਆਈਆਂ ਸੰਗਤਾਂ ਨੂੰ ਅੰਮ੍ਰਿਤ ਛਕਾਇਆ ਗਿਆ। ਇਸ ਲੜੀ ਤਹਿਤ ਅੱਜ 348 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ। ਸਿੰਘ ਸਾਹਿਬ ਬਾਬਾ ਟੇਕ ਸਿੰਘ ਜੀ ਧਨੌਲਾ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਵੱਲੋਂ ਜਿੱਥੇ ਆਈਆਂ ਹੋਈਆਂ ਸੰਗਤਾਂ ਨੂੰ ਜੀਓ ਆਇਆ ਕਿਹਾ ਗਿਆ ਉੱਥੇ ਹੀ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਗੁਰੂ ਵਾਲੇ ਬਣਨ ਲਈ ਵਧਾਈ ਦਿੱਤੀ। ਇਸ ਸਮੇਂ ਤਖ਼ਤ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਅਤੇ ਸਬ ਆਫ਼ਿਸ ਧਰਮ ਪ੍ਰਚਾਰ ਕਮੇਟੀ ਦੇ ਇੰਚਾਰਜ ਸ. ਭੋਲਾ ਸਿੰਘ ਹੀਰੇਵਾਲਾ ਵੀ ਹਾਜ਼ਰ ਸਨ।

## ਆਪ ਨੇ ਜਿਲ੍ਹਾ ਪਰਿਸਦ ਜ਼ੋਨ ਸ਼ੇਰ ਖਾਂ ਤੋਂ ਸਰਪੰਚ ਪਰਮਜੀਤ ਸਿੰਘ ਜੰਮੂ ਦੀ ਪਤਨੀ ਨਵਨੀਤ ਕੌਰ ਵਲੋਂ

# ਡੋਰ ਟੂ ਡੋਰ ਜਾ ਕੇ ਵੋਟ ਪਾਉਣ ਦੀ ਅਪੀਲ ਕੀਤੀ









**ਫਿਰੋਜ਼ਪੁਰ/ਮੱਲਾਂਵਾਲਾ, 7 ਦਸੰਬਰ (ਸੁਖਮੰਦਰ ਸਿੰਘ ਸ਼ਾਂਤ)-** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਪਰਮਜੀਤ ਸਿੰਘ ਜੰਮੂ ਜੋ ਪਾਰਟੀ ਦੇ ਬਹੁਤ ਹੀ ਪੁਰਾਣੇ ਵਰਕਰ ਅਤੇ ਇਲਾਕੇ ਵਿੱਚ ਆਪਣੀ ਚੰਗੀ ਪਹਿਚਾਣ ਅਤੇ ਰੁਤਬਾ ਰੱਖਣ ਵਾਲੇ ਹਨ। ਆਮ ਆਦਮੀ ਪਾਰਟੀ ਨੇ ਸਰਪੰਚ ਪਰਮਜੀਤ ਸਿੰਘ ਜੰਮੂ ਦੀ ਧਰਮ ਪਤਨੀ ਬੀਬੀ ਨਵਨੀਤ ਕੌਰ ਨੂੰ ਜੋਨ ਸੇਰ ਖਾਂ ਤੂੰ ਜ਼ਿਲ੍ਹਾ ਪਰਿਸਦ ਦਾ ਉਮੀਦਵਾਰ ਐਲਾਨਿਆ ਹੈ। ਬੀਬੀ ਨਵਨੀਤ ਕੌਰ ਨੂੰ ਟਿਕਟ ਮਿਲਣ ਦੀ ਖੁਸੀ ਵਿੱਚ ਵਰਕਰਾਂ ਦੇ ਹੌਸਲੇ ਬੁਲੰਦ ਹੋਏ ਅਤੇ ਉਹਨਾਂ ਕਿਹਾ ਕਿ ਬੀਬੀ ਨਵਨੀਤ ਕੌਰ ਭਾਰੀ ਬਹੁਮਤ ਨਾਲ ਜਿਲਾ ਪਰਿਸਦ ਦੀ ਸੀਟ ਜਿੱਤ ਕੇ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾਵੇਗੀ। ਸਰਪੰਚ ਪਰਮਜੀਤ ਸਿੰਘ ਜੰਮੂ ਅਤੇ ਬੀਬੀ ਨਵਨੀਤ ਕੌਰ ਨੇ ਅੱਜ ਪਿੰਡਾਂ ਵਿੱਚ ਡੋਰ ਟੂ ਡੋਰ ਜਾ ਕੇ ਲੋਕਾਂ ਤੋਂ ਵੋਟਾਂ ਮੰਗੀਆਂ ਇਹ ਸਮੇਂ ਨਵਨੀਤ ਕੌਰ ਗੱਲਬਾਤ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਉਨਾਂ ਨੂੰ ਬਹੁਤ ਮਾਣ ਅਤੇ ਸਤਿਕਾਰ ਦਿੱਤਾ ਜਾ ਰਿਹਾ ਹੈ ਕਿਉਂਕਿ ਮੇਰੇ ਪਤੀ ਸ੍ਰੀ ਪਰਮਜੀਤ ਜੰਮੂ ਉਹਨਾਂ ਨੇ ਪਾਰਟੀ ਦੇ ਲਈ ਦਿਨ ਰਾਤ ਜੋ ਮਿਹਨਤ ਕੀਤੀ ਅਤੇ ਵਰਕਰਾਂ ਦੇ ਹਰ ਇੱਕ ਦੁੱਖ ਅਤੇ ਸੁੱਖ ਦੇ ਵਿੱਚ ਨਾਲ ਖੜੇ ਰਹੇ ਉਸ ਦਾ ਅੱਜ ਸਾਨੂੰ ਉਸ ਮਿਹਨਤ ਦਾ ਫਲ ਮਿਲ ਰਿਹਾ ਹੈ ਲੋਕਾਂ ਵੱਲੋਂ ਜੋ ਪਿਆਰ ਸਾਨੂੰ ਦਿੱਤਾ ਜਾ ਰਿਹਾ ਉਸ ਲਈ ਅਸੀਂ ਸਦਾ ਇਹਨਾਂ ਦੇ ਰੇਣੀ ਰਹਾਂਗੇ ਪਰਮਜੀਤ ਜੰਮੂ ਉਹਨਾਂ ਨੇ ਕਿਹਾ ਜਿਸ ਤਰ੍ਹਾਂ ਅਸੀਂ ਪਹਿਲਾਂ ਵਰਕਰਾਂ ਦੇ ਤੇ ਲੋਕਾਂ ਦੇ ਵਿੱਚ ਜਾ ਕੇ ਹਰ ਦੁੱਖ ਸੁੱਖ ਦੇ ਨਾਲ ਖੜੇ ਰਹੇ ਉਸੇ ਤਰ੍ਹਾਂ ਆਉਣ ਵਾਲੇ ਸਮੇਂ ਵਿੱਚ ਵੀ ਜੇ ਸਾਨੂੰ ਲੋਕ ਇਹ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਅਸੀਂ ਲੋਕਾਂ ਦੇ ਵਿਸ਼ਵਾਸ ਤੇ ਖਰੇ ਉਤਰਾਂਗੇ ਲੋਕਾਂ ਦੇ ਵਿੱਚ ਇਹ ਉਤਸਾਹ ਦੇਖ ਕੇ ਅੱਜ ਮਨ ਨੂੰ ਬਹੁਤ ਖੁਸ਼ੀ ਹੋ ਰਹੀ ਹੈ ਕਿ ਆਪ ਮੁਹਾਰੇ ਲੋਕ ਜੋ ਪਿੰਡਾਂ ਵਿੱਚ ਇਕੱਠ ਵਿਖਾ ਰਹੇ ਹਨ ਉਸ ਦਾ ਮੈਂ ਕਦੇ ਵੀ ਦੇਣ ਨਹੀਂ ਦੇ ਸਕਦਾ ਉਹਨਾਂ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਹਲਕਾ ਵਿਧਾਇਕ ਰਜਨੀਸ ਦਹੀਆ ਦੇ ਅਤੀ ਧੰਨਵਾਦੀ ਹਾਂ, ਜਿਨ੍ਹਾਂ ਨੇ ਉਹਨਾਂ ਨੂੰ ਜਿਲ੍ਹਾ ਪਰਿਸਦ ਦੀ ਟਿਕਟ ਦੇ ਕੇ ਮਾਣ ਬਖਸਿਆ ਹੈ। ਸਰਪੰਚ ਪਰਮਜੀਤ ਸਿੰਘ ਜੰਮੂ ਨੇ ਕਿਹਾ ਕਿ ਉਹ ਆਪਣੇ ਸਾਥੀ ਵਰਕਰਾਂ ਨਾਲ ਵੱਡੀ ਲੀਡ ਤੇ ਸੀਟ ਜਿੱਤ ਕੇ ਪਾਰਟੀ ਨੂੰ ਮਜਬੂਤ ਕਰਨਗੇ ਅਤੇ ਹਲਕੇ ਵਿੱਚੋਂ ਉਹਨਾਂ ਨੂੰ ਸੰਗਤਾਂ ਵੱਲੋਂ ਭਰਵਾਂ ਹਾਂ ਪੱਖੀ ਹੁੰਗਾਰਾ ਮਿਲ ਰਿਹਾ ਹੈ। ਸਰਪੰਚ ਪਰਮਜੀਤ ਸਿੰਘ ਜੰਮੂ ਅਤੇ ਬੀਬੀ ਨਵਨੀਤ ਕੌਰ ਨੇ ਕਿਹਾ ਕਿ ਉਹ ਇਲਾਕੇ ਦੇ ਲੋਕਾਂ ਦੀ ਹਰ ਔਖੇ ਸੌਖੇ ਸਮੇਂ ਵਿੱਚ ਉਹਨਾਂ ਦੇ ਨਾਲ ਖੜਨਗੇ ਅਤੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ ਘਰ ਪਹੁੰਚਾਉਣਗੇ।

**ਉਮੀਦਵਾਰ ਨਵਨੀਤ ਕੌਰ ਪਤਨੀ ਪਰਮਜੀਤ ਜੰਮੂ ਦਾ ਲੋਕਾਂ ਵੱਲੋਂ ਕੀਤਾ ਗਿਆ ਸੁਵਾਗਤ, ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਕਿਹਾ ਵੱਡੀ ਜਿੱਤ ਨਾਲ ਪਾਰਟੀ ਦੀ ਝੋਲੀ ਵਿੱਚ ਪਾਵਾਂਗੇ ਇਹ ਸੀਟ**

# ਤਲਬੀਰ ਸਿੰਘ ਗਿੱਲ ਵੱਲੋਂ ਜ਼ਮੀਨੀ ਪੱਧਰ ਤੇ ਵਿਕਾਸ ਕਰਕੇ ਲੋਕਾਂ ਦਾ ਦਿਲ ਜਿੱਤਿਆ



**ਚੌਕ ਮਹਿਤਾ, 7 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਹਲਕਾ ਮਜੀਠਾ ਤੇ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋ ਜਮੀਨੀ ਪੱਧਰ ਤੇ ਪਾਰਟੀ ਨੂੰ ਮਜਬੂਤ ਕਰਨ ਲਈ ਸਰਵਪੱਖੀ ਵਿਕਾਸ ਕਾਰਜ ਕਰਵਾ ਕੇ ਲੋਕਾਂ ਦਾ ਮਨ ਜਿੱਤ ਲਿਆ ਅਤੇ ਹੁਣ ਜਿਲਾ ਪ੍ਰੀਸਦ ਤੇ ਬਲਾਕ ਸੰਮਤੀ ਚੋਣਾਂ ਚ ਆਪ ਉਮੀਦਵਾਰ ਦੇ ਹੱਕ ਚ ਧੂੰਆ ਧਾਰ ਪ੍ਰਚਾਰ ਕਰ ਰਹੇ ਹਨ ਜਿਸ ਨੂੰ ਮੁੱਖ ਰੱਖਦਿਆਂ ਤਲਬੀਰ ਗਿੱਲ ਵੱਲੋ ਜਿਲਾ ਪ੍ਰੀਸਦ ਉਮੀਦਵਾਰ ਬੀਬੀ ਸਰਬਜੀਤ ਕੌਰ ਪਤਨੀ ਸਾਹਿਬ ਸਿੰਘ ਬਿੱਟਾ ਰੰਗੀਲਪੁਰ ਦੇ ਹੱਕ ਵਿਚ ਅੱਜ ਭੰਗਾਲੀ ਜੋਨ ਦੇ ਪਿੰਡ ਮਡਵਿੰਡ ਗੋਪਾਲਪੁਰਾ ਵਿਖੇ ਆਪ ਵਰਕਰਾਂ ਦੀ ਭਰਵੀ ਮੀਟਿੰਗ ਨੂੰ ਸੰਬੋਧਨ ਕਰਦਿਆ ਕੀਤਾ। ਗਿੱਲ ਨੇ ਕਿਹਾ ਕਿ ਆਪ ਸਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਰੰਗਲਾ ਬਣਾਉਣ ਲਈ ਹਰ ਯਤਨ ਕਰ ਰਹੇ ਹਨ ਜਿਸ ਵਿਚ ਉਹ ਕਾਮਯਾਬ ਵੀ ਹੋ ਰਹੇ ਹਨ ਪਰ ਵਿਰੋਧੀ ਪਾਰਟੀਆਂ ਅਕਾਲੀ ਦਲ ਤੇ ਕਾਂਗਰਸ ਨੇ ਹਮੇਸਾਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਸਿਆਸਤ ਕੀਤੀ ਪਰ ਹੁਣ ਲੋਕ ਉਨਾਂ ਦੀਆ ਲੋਕ ਮਾਰੂ ਨੀਤੀਆਂ ਨੂੰ ਪਛਾਣ ਚੁੱਕੇ ਹਨ। ਅਖੀਰ ਉਨਾਂ ਭੰਗਾਲੀ ਜੋਨ ਦੇ ਸਮੂਹ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਬੀਬਾ ਸਰਬਜੀਤ ਕੌਰ ਰੰਗੀਲਪੁਰਾ ਨੂੰ ਭਾਰੀ ਬਹੁਮੱਤ ਨਾਲ ਜਿਲਾ ਪ੍ਰੀਸਦ ਸੀਟ ਜਿਤਾ ਕੇ ਆਪ ਪਾਰਟੀ ਨੂੰ ਹਲਕਾ ਮਜੀਠਾ ਚ ਹੋਰ ਮਜਬੂਤ ਕਰੋ। ਇਸ ਮੌਕੇ ਬਲਵਿੰਦਰ ਸਿੰਘ ਮਰੜੀ ਕਲਾ, ਮਨਿੰਦਰ ਸਿੰਘ ਬੱਬੀ, ਹਰਭਜਨ ਸਿੰਘ ਮਰੜੀ ਕਲਾ, ਬਲਜੀਤ ਸਿੰਘ ਜਿਜੇਆਣੀ, ਰਾਜ ਕੁਮਾਰ ਲੁੱਧੜ, ਪਰਮਿੰਦਰ ਸਿੰਘ ਉੱਪਲ, ਸੁਖਦੇਵ ਸਿੰਘ ਸਰਪੰਚ,ਬਾਊ ਵਿਜੈ ਕੁਮਾਰ, ਤਰਸੇਮ ਸਿੰਘ ਗਿੱਲ, ਪ੍ਰਤਾਪ ਸਿੰਘ ਕੈਰੋ, ਕਰਨਬੀਰ ਸਿੰਘ, ਲਖਵਿੰਦਰ ਸਿੰਘ ਬੇਗੋਵਾਲ, ਰੇਸਮ ਸਿੰਘ ਬੇਗੋਵਾਲ, ਜਸਪਾਲ ਸਿੰਘ ਤਰਗੜ, ਹਰਜੀਤ ਸਿੰਘ ਜਲਾਲਪੁਰਾ ਸਮੇਤ ਵੱਡੀ ਗਿਣਤੀ ਚ ਆਪ ਵਰਕਰ ਸਾਮਲ ਸਨ।

# ਸਿਰਕੱਢ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਨੇ ਜਿੱਤਿਆ ਸਭ ਤੋਂ ਉੱਤਮ ਵਿੱਦਿਅਕ ਸੰਸਥਾ ਹੋਣ ਦਾ ਫੈਪ-2025 ਨੈਸ਼ਨਲ ਅਵਾਰਡ



**ਚੰਡੀਗੜ੍ਹ, (ਵਰਿਆਮ ਹਠੂਰ)-** ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਅਤੇ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਨੈਸ਼ਨਲ ਅਵਾਰਡ 2025 ਚੰਡੀਗੜ੍ਹ ਯੂਨੀਵਰਸਿਟੀ ਘੜੂੰਆ ਵਿਖੇ ਪਿਛਲੇ ਦਿਨੀ ਆਯੋਜਿਤ ਕੀਤਾ ਗਿਆ, ਇਸ ਸ਼ਾਨਦਾਰ ਸਮਾਰੋਹ ਵਿੱਚ ਜ਼ਿਲ੍ਹਾ ਮੋਗਾ ਦੇ ਪਿੰਡ ਬਿਲਾਸਪੁਰ ਵਿਖੇ ਸਥਿੱਤ ਚਰਚਿਤ ਅਤੇ ਸਿਰਕੱਢ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਨੂੰ ਬੈਸਟ ਸਕੂਲ-2025 ਨਾਲ ਸਨਮਾਨਿਤ ਕੀਤਾ ਗਿਆ, ਜਾਣਕਾਰੀ ਦਿੰਦਿਆਂ ਸਕੂਲ ਮੈਨੇਜ਼ਮੈਂਟ ਦੇ ਪ੍ਰਧਾਨ ਸਮਾਜ ਸੇਵੀ ਸ੍ਰ: ਚਰਨ ਸਿੰਘ ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਮੈਡਮ ਕੁੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਇਸ ਤੋਂ ਇਲਾਵਾ ਸੈਸ਼ਨ 2024-25 ਦੇ ਬੋਰਡ ਨਤੀਜਿਆਂ ਵਿੱਚ ਕਲਾਸ ਬਾਰਵੀਂ ਦੇ ਵਿਦਿਆਰਥੀਆਂ ਵੰਸ਼ਿਕਾ ਜੈਨ ਤੇ ਕਮਲਵੀਰ ਕੌਰ ਧਾਲੀਵਾਲ ਦੁਆਰਾ 97.8% ਅੰਕ ਪ੍ਰਾਪਤ ਕੀਤੇ ਜਾਣ ਕਰਕੇ ਬੈਸਟ ਅਕਾਦਮਿਕ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ, ਸਕੂਲ ਪ੍ਰਧਾਨ ਚਰਨ ਸਿੰਘ ਸਕੂਲ ਚੇਅਰਮੈੱਨ ਯੋਗਿੰਦਰ ਸ਼ਰਮਾ,ਪ੍ਰਿੰਸੀਪਲ ਕੂੰਜੂਮੋਲ ਜੋਅ,ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਸਕੂਲ ਦੁਆਰਾ ਹਰ ਸਾਲ ਹੀ ਫੈਡਰੇਸ਼ਨ ਦੁਆਰਾ ਕਰਵਾਏ ਜਾਂਦੇ ਅਵਾਰਡ ਸਮਾਰੋਹ ਵਿੱਚ ਆਪਣਾ ਨਿਵੇਕਲਾ ਸਥਾਨ ਬਣਾਇਆ ਜਾ ਰਿਹਾ ਹੈ ਤੇ ਭਵਿੱਖ ਵਿੱਚ ਵੀ ਅਸੀਂ ਇਸ ਗੀਤ ਨੂੰ ਜਾਰੀ ਰੱਖਾਂਗੇ, ਉਨ੍ਹਾਂ ਸਕੂਲ ਦੇ ਮਿਹਨਤੀ ਸਟਾਫ ਅਤੇ ਬੱਚਿਆਂ ਨੂੰ ਇਸ ਲਈ ਵਧਾਈ ਦੇ ਪਾਤਰ ਦੱਸਿਆ।





## ਜਨਮ ਦਿਨ ਮੁਬਾਰਕ

**ਅਮੋਲਕ ਸਿੰਘ ਚਹਿਲ**

ਪਿਤਾ: ਭਾਈ ਦਲੇਰ ਸਿੰਘ ਖਾਲਸਾ ਦਾਦੂਵਾਲ

ਮਾਤਾ: ਜੋਤੀ ਕੌਰ

ਪਿੰਡ: ਮੌਜੀਆ

**ਜਨਮ ਦੀਆਂ ਬਹੁਤ ਸਾਰੀਆਂ ਮੁਬਾਰਕਾਂ।**

ਆਵਾਜ਼ਿ ਕੌਮ AWAZE QAUM International Newspaper & WEB TV

ਤਾਰਾ ਕਾਨਵੈਂਟ ਪਬਲਿਕ ਸਕੂਲ ਜਗਾ ਰਾਮ ਤੀਰਥ ਵਿੱਚ

# ਅਖੰਡ ਪਾਠ ਸਾਹਿਬ ਦੇ ਪਾਏ ਭੋਗ





**ਤਲਵੰਡੀ ਸਾਬੋ, 07 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਤਾਰਾ ਕਾਨਵੈਂਟ ਪਬਲਿਕ ਸਕੂਲ ਜਗਾ ਰਾਮ ਤੀਰਥ ਵਿਖੇ ਸਕੂਲ ਦੀ ਚੜਦੀਕਲਾ, ਖੁਸ਼ਹਾਲੀ ਅਤੇ ਸਾਰੇ ਵਿਦਿਆਰਥੀਆਂ ਦੀ ਅੱਗੇ ਤਰੱਕੀ ਦੀ ਮੰਗਲ ਕਾਮਨਾ ਲਈ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਕਰਤਨੀ ਜਥੇ ਨੇ ਸ਼ਬਦ ਕੀਰਤਨ ਗਿਆ। ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਵੱਡੀ ਗਿਣਤੀ ਸੰਗਤ ਨੇ ਵੱਡੀ ਸੰਖਿਆ ਵਿੱਚ ਹਾਜ਼ਰੀ ਲਗਾ ਕੇ ਕੀਰਤਨ ਤੇ ਅਰਦਾਸ ਵਿੱਚ ਭਾਗ ਲਿਆ। ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਬਾਲਾ, ਚੇਅਰਮੈਨ ਸ੍ਰੀ ਲਛਮਣ ਦਾਸ ਗਰਗ ਜੀ ਨੇ ਇਸ ਮੌਕੇ ਕਿਹਾ ਕਿ ਅਖੰਡ ਪਾਠ ਸਾਹਿਬ ਦਾ ਆਯੋਜਨ ਸਕੂਲ ਦੀ ਆਤਮਿਕ ਵਾਤਾਵਰਣ ਨੂੰ ਹੋਰ ਚੰਗਾ ਕਰਦਾ ਹੈ। ਭਗਵਾਨ ਦਾਸ ਗਰਗ ਅਤੇ ਵੀਰਪਾਲ ਗਰਗ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਬੱਚਿਆਂ ਵਿੱਚ ਧਾਰਮਿਕਤਾ, ਸੰਸਕਾਰ ਅਤੇ ਨੈਤਿਕ ਮੁੱਲਾਂ ਨੂੰ ਮਜ਼ਬੂਤ ਬਣਾਉਂਦੇ ਹਨ। ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ। ਸਮਾਗਮ ਦੇ ਦੌਰਾਨ ਆਈ ਹੋਈ ਸੰਗਤ ਨੂੰ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਚੜ੍ਹਦੀਕਲਾ ਵੈਲਫੇਅਰ ਕਲੱਬ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ, ਅਵਤਾਰ ਸਿੰਘ ਬਿੱਟੂ, ਐਡਵੋਕੇਟ ਸਤਿੰਦਰਪਾਲ ਸਿੰਘ ਸਿੱਧੂ ਆਦਿ ਨੇ ਹਾਜ਼ਰੀ ਭਰੀ।

ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਦੀਦਾਰ ਸਿੰਘ ਮਲਕ ਦੀ ਚੋਣ ਮੁਹਿੰਮ ਨੂੰ ਮਿਲਿਆ ਵੱਡਾ ਬਲ

# ਸ਼੍ਰੋਮਣੀ ਅਕਾਲੀ ਦਲ ਨੌਜਵਾਨਾਂ ਦੇ ਹਿੱਤਾਂ ਲਈ ਪੂਰੀ ਤਰ੍ਹਾਂ ਸੁਹਿਰਦ: ਕਲੇਰ



ਜਗਰਾਉਂ -(ਵਰਿਆਮ ਹਠੂਰ) ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਵੱਖ-ਵੱਖ ਪਿੰਡਾਂ ਦੇ ਨੌਜਵਾਨਾਂ ਨੇ ਵੱਖ-ਵੱਖ ਪਾਰਟੀਆਂ ਛੱਡ ਕੇ ਅਕਾਲੀ ਦਲ ਦੇ ਗਾਲਿਬ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਦੀਦਾਰ ਸਿੰਘ ਮਲਕ ਦੇ ਹੱਕ 'ਚ ਡੱਟਣ ਦਾ ਐਲਾਨ ਕਰ ਦਿੱਤਾ। ਯੂਥ ਆਗੂ ਰਾਜਦੀਪ ਸਿੰਘ ਢਿੱਲੋ ਦੀ ਅਗਵਾਈ ਹੇਠ ਇਕੱਠੇ ਹੋਏ ਯੂਥ ਵਰਕਰਾਂ ਨੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ 'ਤੇ ਮੋਹਰ ਲਾਉਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਹਿਤੈਸ਼ੀ ਪਾਰਟੀ ਹੈ। ਇਸ ਮੌਕੇ ਐਸ ਆਰ ਕਲੇਰ ਨੇ ਕਿਹਾ ਕਿ ਸਵੇਰ ਦੇ ਭੁੱਲੇ ਨੂੰ ਭੁੱਲਿਆ ਨਹੀਂ ਕਿਹਾ ਜਾਂਦਾ।ਸ਼੍ਰੀ ਕਲੇਰ ਨੇ ਕਿਹਾ ਕਿ ਨੌਜਵਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਤੇ ਸ਼੍ਰੋਮਣੀ ਅਕਾਲੀ ਦਲ ਸੂਬੇ ਦੇ ਨੌਜਵਾਨ ਵਰਗ ਦੇ ਹਿੱਤਾਂ ਲਈ ਪੂਰੀ ਤਰ੍ਹਾਂ ਸੁਹਿਰਦ ਹੈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਦੀਦਾਰ ਸਿੰਘ ਮਲਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੇ ਕਾਂਗਰਸ ਨੇ ਪੰਜਾਬ ਦੇ ਨੌਜਵਾਨ ਵਰਗ ਨੂੰ ਗੁੰਮਰਾਹ ਕੀਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਵਰਗ ਦੀਆਂ ਭਾਵਨਾਵਾਂ ਨੂੰ ਸਮਝਣ ਵਾਲੀ ਇਕੋ-ਇਕ ਪਾਰਟੀ ਉਹ ਹੈ ਸ਼੍ਰੋਮਣੀ ਅਕਾਲੀ ਦਲ ਇਸ ਮੌਕੇ ਰਾਜਦੀਪ ਸਿੰਘ ਢਿੱਲੋਂ ਨੇ ਆਖਿਆ ਕਿ ਪੰਜਾਬ ਦੀ ਜਵਾਨੀ ਦਾ ਭਵਿੱਖ ਸਿਰਫ ਅਕਾਲੀ ਦਲ ਦੇ ਰਾਜ 'ਚ ਸੁਰੱਖਿਅਤ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅਤੇ ਸਿੱਖ ਕੌਮ ਦੇ ਵੱਡਰੇ ਹਿੱਤਾਂ ਲਈ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਯੂਥ ਆਗੂ ਜਗਮੀਤ ਸਿੰਘ ਗਿੱਲ,ਅਮਨ ਸਿੱਧੂ,ਅਮਮੋਲ ਸਿੱਧਵਾ,ਲਾਡੀ ਸਿੱਧੂ,ਦੀਪਾ ਸਿੱਧੂ,ਪ੍ਰੀਤ ਗਿੱਲ,ਜੱਸ ਗਾਲਿਬ,ਪਵਦੀਪ ਸਿੱਧੂ,ਸਤਨਾਮ ਸ਼ੇਰਪੁਰ,ਸੁਖਜੀਤ ਮਲਕ,ਦਵਿੰਦਰ ਮਲਕ,ਹਰਕੋਮਲ ਮਲਕ,ਲਵਪ੍ਰੀਤ ਮਲਕ,ਜੱਸਾ ਮਲਕ,ਨਵਪ੍ਰੀਤ ਮਲਕ,ਜਗਤਾਰ ਸਿੰਘ ਸ਼ੇਖਦੋਲਤ,ਗੁਰਜੋਤ ਮਲਕ,ਹਰਚਰਨ ਮਲਕ,ਰਾਜਪ੍ਰੀਤ ਲੀਲ੍ਹਾ ਅਤੇ ਅਨੇਕਾਂ ਹੋਰ ਹਾਜ਼ਰ ਸਨ।



# ਜਸਮੀਤ ਕੌਰ ਚਹਿਲ ਨੇ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਚੋਣ ਮੁਹਿੰਮ ਨੂੰ ਭਖਾਇਆ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਜਿਲਾ ਪਰਿਸ਼ਦ ਜੋਨ ਘਨੌਰੀ ਕਲਾਂ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਮੀਤ ਕੌਰ ਚਹਿਲ ਪਤਨੀ ਸਰਪੰਚ ਅੰਮ੍ਰਿਤ ਚਹਿਲ ਨੇ ਆਪਣੇ ਕਾਫਲੇ ਸਮੇਤ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਕੈਂਪਸ ਇੰਚਾਰਜ ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਆਪ ਉਮੀਦਵਾਰ ਜਸਮੀਤ ਕੌਰ ਚਹਿਲ ਨੇ ਵੱਡੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਹੋ ਰਹੀਆਂ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ 14 ਦਸੰਬਰ ਨੂੰ ਵੋਟਾਂ ਪਾ ਕੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਮਾਨ ਦੇ ਹੱਥ ਮਜਬੂਤ ਕਰੋ।

# ਖੂਨਦਾਨ ਸਭ ਤੋਂ ਉੱਤਮ ਦਾਨ ਹੈ : ਰਣਜੀਤ ਸਿੰਘ ਰੰਧਾਵਾ



**ਧੂਰੀ (ਰਣਜੀਤ ਸਿੰਘ ਪੇਧਨੀ )**-ਰਿਵਰਤਨ ਮਾਲਵਾ ਫਰੈਂਡਜ਼ ਵੈਲਫੇਅਰ ਸੋਸਾਇਟੀ ਧੂਰੀ ਵੱਲੋਂ ਸ਼ਹੀਦਾਂ ਨੂੰ ਸਮਰਪਿਤ ਇੱਕ ਵਿਸ਼ਾਲ ਖੂਨਦਾਨ ਕੈਂਪ ਧੂਰੀ ਵਿਖੇ ਲਗਾਇਆ ਗਿਆ। ਜਿਸ ਵਿੱਚ ਖੂਨਦਾਨੀਆਂ ਵੱਲੋਂ ਵੱਧ ਤੋਂ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਖੂਨਦਾਨ ਕੀਤਾ ਗਿਆ। ਇਸ ਮੌਕੇ ਤੇ ਸ, ਰਣਜੀਤ ਸਿੰਘ ਰੰਧਾਵਾ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਧੂਰੀ ਵੱਲੋਂ ਵੀ ਇਸ ਖੂਨਦਾਨ ਕੈਂਪ ਵਿੱਚ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਹੈ ਕਿ ਹੁਣ ਦਾਨ ਕਰਨਾ ਇੱਕ ਵਡਮੁੱਲਾ ਦਾਨ ਹੈ ਜਿਸ ਦੇ ਨਾਲ ਹਰ ਇੱਕ ਇਨਸਾਨ ਦੀ ਜਾਨ ਬਚਾਉਣ ਵਿੱਚੋਂ ਸਹਾਈ ਹੁੰਦਾ ਹੈ। ਇਸ ਮੌਕੇ ਰਵੀ ਈਸੜਾ ਉਮੀਦਵਾਰ ਜਿਲ੍ਹਾ ਪ੍ਰੀਸ਼ਦ ਜੋਨ ਮੀਮਸਾਂ , ਸੂਬੇਦਾਰ ਮਣੀ ਸਿੰਘ ਕਾਤਰੋਂ ਹਾਜਰ ਸਨ।

# ਰੋਟਰੀ ਕਲੱਬ ਫਿਰੋਜਪੁਰ ਨੇ ਫੁਟਪਾਥ ਤੇ ਬੈਠੇ ਬੇਸਹਾਰਾ ਲੋਕਾਂ ਨੂੰ ਕੰਬਲ ਵੰਡੇ



ਫ਼ਿਰੋਜ਼ਪੁਰ, 07 ਦਸੰਬਰ (ਮਨੋਹਰ ਲਾਲ) :— ਇਲਾਕੇ ਵਿਚ ਸਮਾਜ ਸੇਵੀਕਾਰਜ ਕਰਦੀ ਆ ਰਹੀ ਰੋਟਰੀ ਕਲੱਬ ਫ਼ਿਰੋਜ਼ਪੁਰ ਵੱਲੋਂ ਸਰਦੀ ਦੇ ਸ਼ੁਰੂ ਹੋਏ ਮੌਸਮ ਨੂੰ ਦੇਖਦੇ ਹੋਏ ਫੁੱਟਪਾਥ ਤੇ ਬੈਠੇ ਲੋਕਾਂ ਨੂੰ ਵੰਡੇ ਕੰਬਲ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰੋਟਰੀ ਕਲੱਬ ਦੇ ਆਗੂਆਂ ਨੇ ਦੱਸਿਆ ਕਿ ਸਰਦੀ ਦੇ ਸ਼ੁਰੂ ਹੋ ਚੁੱਕੇ ਮੌਸਮ ਨੂੰ ਦੇਖਦੇ ਹੋਏ ਇਲਾਕੇ ਦੇ ਆਸ—ਪਾਸ ਬਹੁਤ ਸਾਰੇ ਇਸ ਤਰ੍ਹਾਂ ਦੇ ਲੋਕ ਹੁੰਦੇ ਹਨ ਜਿਨ੍ਹਾਂ ਕੋਲ ਠੰਢ ਤੋਂ ਬਚਣ ਲਈ ਕੋਈ ਸਾਧਨ ਨਹੀਂ ਹੁੰਦਾ। ਇਸੇ ਸਰਦੀ ਵਿੱਚ ਕੁਝ ਲੋਕਾਂ ਨੂੰ ਬਚਾਉਣ ਲਈ ਰੋਟਰੀ ਕਲੱਬ ਫਿਰੋਜਪੁਰ ਨੇ ਪ੍ਰਧਾਨ ਕਿਰਪਾਲ ਸਿੰਘ ਮਕੜ ਦੀ ਅਗਵਾਈ ਹੇਠ ਫੁਟਪਾਥ, ਸੜਕਾਂ, ਰੇਲਵੇ ਸਟੇਸ਼ਨਾਂ ਤੇ ਵੱਖ—ਵੱਖ ਥਾਂਵਾਂ ਤੇ ਬੈਠੇ ਲੋਕਾਂ ਨੂੰ ਕੰਬਲ ਵੰਡਣ ਦਾ ਉਪਰਾਲਾ ਕੀਤਾ। ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਅਜੈ ਬਜਾਜ ਨੇ ਦੱਸਿਆ ਕਿ ਰੋਟਰੀ ਕਲੱਬ ਫਿਰੋਜਪੁਰ ਇਕ ਇੰਟਰਨੈਸ਼ਨਲ ਸੰਸਥਾ ਹੈ ਜੋ ਹਮੇਸ਼ਾ ਸਮਾਜਿਕ ਕੰਮ ਕਰਦੀ ਰਹੀ ਹੈ ਤੇ ਇਹ ਸਮਾਜਿਕ ਕੰਮ ਜਾਰੀ ਰਹਿਣਗੇ। ਰੋਟਰੀ ਟੀਮ ਵਿੱਚ ਸਕੱਤਰ ਸੰਦੀਪ ਸਿੰਗਲਾਂ, ਕੈਸ਼ੀਅਰ ਦਿਨੇਸ਼ ਕਟਾਰੀਆ, ਡਾਕਟਰ ਸੁਰਿੰਦਰ ਸਿੰਘ ਕਪੂਰ, ਪਰਦੀਪ ਬਿੰਦਰਾ ਹਾਜ਼ਰ ਸਨ।

ਤਿੰਨ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ ਧਰਤੀ ਡਰੋਲੀ ਭਾਈਕੀ ਵਿਖੇ

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸਮਾਗਮ ਆਯੋਜਿਤ











ਸ. ਭਗਵਾਨ ਸਿੰਘ ਜੌਹਲ ਤੇ ਗਿਆਨੀ ਪਿੰਦਰਪਾਲ ਸਿੰਘ ਸਟੇਜ ’ਤੇ ਹਾਜ਼ਰੀ ਭਰਦੇ ਹੋਏ। ਬਾਬਾ ਡਾ. ਗੁਰਨਾਮ ਸਿੰਘ ਦੇ ਨਾਲ ਸ. ਹਰਜੀਤ ਸਿੰਘ ਸੰਧੂ ਆਈ. ਏ. ਐਸ. ਤੇ ਭਗਵਾਨ ਸਿੰਘ ਜੌਹਲ

ਤਿੰਨ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ ਧਰਤੀ ਡਰੋਲੀ ਭਾਈਕੀ ਵਿਖੇ ਗੁਰਦੁਆਰਾ ਸਿਮਰਨਸਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸਮਾਗਮ ਸਮੇਂ ਹੋਏ ਗੁਰਮਤਿ ਸਮਾਗਮ ਵਿਖੇ ਹਜ਼ਾਰਾਂ ਸਿੱਖ ਸੰਗਤ ਨੇ ਗੁਰੂ ਸਾਹਿਬ ਦੇ ਸ਼ਹੀਦੀ ਪ੍ਰਬੰਧ ਨੂੰ ਸੁਰਤੀ ਬਿਰਤੀ ਇਕਾਗਰ ਕਰਕੇ ਸਰਵਣ ਕੀਤਾ। ਪ੍ਰਸਿੱਧ ਸਿੱਖ ਚਿੰਤਕ, ਪੰਥਕ ਬੁਲਾਰੇ ਤੇ ਲੇਖਕ ਸ. ਭਗਵਾਨ ਸਿੰਘ ਜੌਹਲ ਨੇ ਗੁਰੂ ਸਾਹਿਬ ਦੀ ਅਦੁੱਤੀ ਸ਼ਹਾਦਤ ਦਾ ਵਰਨਣ ਕਰਦਿਆਂ ਗੁਰੂ ਸਾਹਿਬ ਮਨੁੱਖਤਾ ਦੇ ਰਹਿਬਰ, ਮਨੁੱਖੀ ਅਧਿਕਾਰਾਂ ਦੇ ਰਾਖੇ ਵਜੋਂ ਯਾਦ ਕੀਤਾ। ਇਸ ਮੌਕੇ ’ਤੇ ਹੋਰਨਾਂ ਤੋਂ ਇਲਾਵਾ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਾਹਿਬ ਗਿਆਨੀ ਰਘਵੀਰ ਸਿੰਘ, ਬਾਬਾ ਹਰੀ ਸਿੰਘ ਰੰਧਾਵੇ ਵਾਲੇ, ਸਤਪਾਲ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਹਰੀ ਸਿੰਘ ਨਾਨਕਸਰ, ਗਿਆਨੀ ਅਮੀਰ ਸਿੰਘ ਜਵੱਦੀ ਟਕਸਾਲ, ਹਰਮੀਤ ਸਿੰਘ ਬੂਰ ਮੈਂਬਰ ਸ਼੍ਰੋਮਣੀ ਕਮੇਟੀ, ਮਨਜੀਤ ਸਿੰਘ ਰਾਏ ਸਾਬਕਾ ਘੱਟ ਗਿਣਤੀ ਕਮਿਸ਼ਨ, ਨਿਧੜਕ ਸਿੰਘ ਬਰਾੜ, ਬਾਬਾ ਹਰੀ ਸਿੰਘ ਜ਼ੀਰਾ, ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ ਸਮੇਤ ਵੱਡੀ ਗਿਣਤੀ ਵਿੱਚ ਉੱਘੀਆਂ ਧਾਰਮਿਕ ਤੇ ਰਾਜਨੀਤਿਕ ਹਸਤੀਆਂ ਨੇ ਹਾਜ਼ਰੀ ਭਰੀ। ਪ੍ਰਸਿੱਧ ਵਿਦਵਾਨ ਗਿਆਨੀ ਪਿੰਦਰਪਾਲ ਸਿੰਘ ਦੀ ਕਥਾ ਨੂੰ ਸੰਗਤ ਨੇ ਜੈਕਾਰਿਆਂ ਦੀ ਗੂੰਜ ਵਿੱਚ ਸਰਵਣ ਕੀਤਾ। ਇਸ ਮੌਕੇ ਪੰਜਾਬ ਦੇ ਨਾਮਵਰ ਢਾਡੀ ਤੇ ਕਵੀਸ਼ਰ ਜਥਿਆਂ ਨੇ ਹਾਜ਼ਰੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਰਾਸ਼ਟਰ ਸਰਕਾਰ ਵੱਲੋਂ ਪ੍ਰਾਈਵੇਟ ਜਹਾਜ਼ ਭੇਜ ਕੇ ਕੀਰਤਨ ਸੇਵਾ ਲਈ ਬੁਲਾਇਆ ਗਿਆ





ਆਵਾਜ਼ਿ ਕੌਮ AWAZE QAUM International Newspaper & WEB TV





ਮਹਾਰਾਸ਼ਟਰ ਸਰਕਾਰ ਵੱਲੋਂ ਅਤੇ ਨਾਗਪੁਰ ਦੀਆਂ ਸਮੂਹ ਸੰਗਤਾਂ ਵਲੋਂ ਇੰਡੀਗੋ ਦੀ ਫਲਾਈਟ ਕੈਂਸਲ ਹੋਣ ਕਾਰਨ ਪ੍ਰਾਈਵੇਟ ਜਹਾਜ਼ ਭੇਜ ਕੇ ਕੀਰਤਨ ਸੇਵਾ ਲਈ ਬੁਲਾਇਆ ਗਿਆ। ਇਸ ਮੌਕੇ ਵਿਸ਼ੇਸ਼ ਸਹਿਯੋਗ ਸੰਤ ਬਾਬਾ ਹਰਨਾਮ ਸਿੰਘ ਜੀ ਮੁੱਖੀ ਦਮਦਮੀ ਟਕਸਾਲ ਜੀ ਦਾ ਰਿਹਾ।

# ਮਾਤਾ ਹਰਜਿੰਦਰ ਕੌਰ ਚੰਨਣਕੇ ਨਮਿਤ ਭੋਗ ’ਤੇ ਅੰਤਿਮ ਅਰਦਾਸ ਸਮਾਗਮ ਭਲਕੇ



**ਚੌਕ ਮਹਿਤਾ, 7 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਫੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੀ ਇਕਾਈ ਮਹਿਤਾ ਦੇ ਸਰਪ੍ਰਸਤ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਧਰਮ ਪਤਨੀ ਮਾਤਾ ਹਰਜਿੰਦਰ ਕੌਰ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਜਿਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਭਲਕੇ 9 ਦਸੰਬਰ ਦਿਨ ਮੰਗਲਵਾਰ ਨੂੰ ਗੁਰਦੁਆਰਾ ਬਾਬਾ ਚੰਨਣ ਜੀ ਪਿੰਡ ਚੰਨਣਕੇ ਵਿਖੇ ਪੈਣਗੇ, ਉਪਰੰਤ ਅੰਤਿਮ ਅਰਦਾਸ ਸਮਾਗਮ ਹੋਵੇਗਾ। ਜਿਸ ਦੌਰਾਨ ਧਾਰਮਿਕ, ਰਾਜਨੀਤਿਕ ਅਤੇ ਸਮਾਜ ਸੇਵੀ ਜਥੇਬੰਦੀਆਂ ਦੇ ਆਗੂ ਉਚੇਚੇ ਤੌਰ ਤੇ ਪਹੁੰਚ ਕੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਇਸ ਸਮੇਂ ਫੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ ਅਤੇ ਮਹਿਤਾ ਇਕਾਈ ਦੇ ਪ੍ਰਧਾਨ ਕੈਪਟਨ ਸਿੰਘ ਸਾਥੀ ਪੱਤਰਕਾਰਾਂ ਸਮੇਤ ਪਹੁੰਚ ਕੇ ਪਰਿਵਾਰ ਦੇ ਇਸ ਦੁੱਖ ਵਿਚ ਭਾਈਵਾਲ ਬਣਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

**ਸੱਦਾ ਪੱਤਰ**

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ
## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV